ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

## Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 22 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੯ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111, +447976210161, +919729091243




## ਲੁਧਿਆਣਾ 'ਚ ਕਬਾੜ ਦੀ ਦੁਕਾਨ 'ਚ ਧਮਾਕਾ, ਇੱਕ ਮਜ਼ਦੂਰ ਦੀ ਮੌਤ, ਦੂਜਾ ਗੰਭੀਰ ਜ਼ਖ਼ਮੀਂ

**ਲੁਧਿਆਣਾ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਮੰਗਲਵਾਰ ਨੂੰ ਲੁਧਿਆਣਾ ਦੇ ਹੰਬੜਾ ਇਲਾਕੇ ਵਿੱਚ ਉਸ ਸਮੇਂ ਦਹਿਸ਼ਤ ਫੈਲ ਗਈ, ਜਦੋਂ ਇੱਕ ਸਕ੍ਰੈਪ ਦੀ ਦੁਕਾਨ 'ਤੇ ਇੱਕ ਵੱਡਾ ਧਮਾਕਾ ਹੋਇਆ। ਇਹ ਘਟਨਾ ਬਾਂਸਲ ਸਕ੍ਰੈਪ ਦੀ ਦੁਕਾਨ 'ਤੇ ਵਾਪਰੀ, ਜਿਸ ਵਿੱਚ ਇੱਕ ਕਰਮਚਾਰੀ ਦੀ ਮੌਤ ਹੋ ਗਈ ਅਤੇ ਇੱਕ ਹੋਰ ਗੰਭੀਰ ਜ਼ਖ਼ਮੀ ਹੋ ਗਿਆ। ਚਸ਼ਮਦੀਦਾਂ ਅਨੁਸਾਰ, ਧਮਾਕਾ ਇੰਨਾ ਸ਼ਕਤੀਸ਼ਾਲੀ ਸੀ ਕਿ ਇਸਦੀ ਗੂੰਜ ਦੂਰ-ਦੂਰ ਤੱਕ ਸੁਣਾਈ ਦਿੱਤੀ। ਧਮਾਕੇ ਦੀ ਆਵਾਜ਼ ਸੁਣਦਿਆਂ ਹੀ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋ ਗਏ ਅਤੇ ਤੁਰੰਤ ਐਂਬੂਲੈਂਸ ਬੁਲਾਈ ਗਈ। ਦੋਵੇਂ ਮਜਦੂਰਾਂ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ, ਪਰੰਤੂ ਡਾਕਟਰਾਂ ਨੇ ਚੰਦਨ ਕੁਮਾਰ (40) ਨੂੰ ਮ੍ਰਿਤਕ ਐਲਾਨ ਦਿੱਤਾ, ਜਦੋਂ ਕਿ ਬਾਬਾ ਫੂਲ ਪਾਸਵਾਨ (60) ਦਾ ਇਲਾਜ ਚੱਲ ਰਿਹਾ ਹੈ। ਪੁਲਿਸ ਦੀ ਮੁੱਢਲੀ ਜਾਂਚ ਅਤੇ ਸੀਸੀਟੀਵੀ ਫੁਟੇਜ ਤੋਂ ਪਤਾ ਲੱਗਿਆ ਹੈ ਕਿ ਦੁਕਾਨ ਦੇ ਮਾਲਕ ਸ਼ਿਵ ਕੁਮਾਰ ਨਿੱਬੀ ਦੇ ਦੋ ਕਰਮਚਾਰੀ ਕਬਾੜ ਵਿੱਚੋਂ ਸਕ੍ਰੈਪ ਹਟਾਉਣ ਲਈ ਅੱਗ ਲਾ ਕੇ ਕੰਮ ਕਰ ਰਹੇ ਸਨ। ਇਸ ਦੌਰਾਨ, ਉਨ੍ਹਾਂ ਵੱਲੋਂ ਕੋਈ ਜਲਣਸ਼ੀਲ ਚੀਜ਼ ਅਚਾਨਕ ਸੁੱਟੀ ਗਈ, ਜਿਸ ਨਾਲ ਇੱਕ ਸ਼ਕਤੀਸ਼ਾਲੀ ਧਮਾਕਾ ਹੋਇਆ। ਦੋਵੇਂ ਕਰਮਚਾਰੀ ਸਿੱਧੇ ਧਮਾਕੇ ਦੀ ਲਪੇਟ ਵਿੱਚ ਆ ਗਏ। ਘਟਨਾ ਦੀ ਜਾਣਕਾਰੀ ਮਿਲਣ 'ਤੇ ਲਾਡੋਵਾਲ ਪੁਲਿਸ ਸਟੇਸ਼ਨ ਦੇ ਸਟੇਸ਼ਨ ਹਾਊਸ ਅਫਸਰ (ਐਸਐਚਓ) ਅੰਮ੍ਰਿਤਪਾਲ ਸਿੰਘ ਪੁਲਿਸ ਟੀਮ ਨਾਲ ਮੌਕੇ 'ਤੇ ਪਹੁੰਚੇ। ਸੀਸੀਟੀਵੀ ਫੁਟੇਜ ਤੋਂ ਸਪੱਸ਼ਟ ਤੌਰ 'ਤੇ ਪਤਾ ਚੱਲਦਾ ਹੈ ਕਿ ਧਮਾਕਾ ਅੱਗ ਵਿੱਚ ਕੁਝ ਸੁੱਟਣ ਤੋਂ ਬਾਅਦ ਹੋਇਆ ਹੈ। ਇੱਕ ਵਿਅਕਤੀ ਦੀ ਮੌਤ ਹੋ ਗਈ ਹੈ।

## ਟਰੰਪ ਦੇ ਐਲਾਨਾਂ ਤੋਂ ਪਹਿਲਾਂ ਹੀ ਬਾਜ਼ਾਰ 'ਚ ਗੁਪਤ ਖੇਡ !

# ਕੁਝ ਨਿਵੇਸ਼ਕਾਂ ਨੇ ਕਮਾ ਲਏ ਅਰਬਾਂ ਰੁਪਏ

**ਵਾਸ਼ਿੰਗਟਨ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਦੂਜੇ ਕਾਰਜਕਾਲ ਦੌਰਾਨ ਵਿੱਤੀ ਬਾਜ਼ਾਰਾਂ ਵਿੱਚ ਇੱਕ ਅਜਿਹਾ ਹੈਰਾਨੀਜਨਕ ਪੈਟਰਨ ਦੇਖਣ ਨੂੰ ਮਿਲ ਰਿਹਾ ਹੈ, ਜਿਸ ਨੇ ਸਾਰਿਆਂ ਦੇ ਹੋਸ਼ ਉਡਾ ਦਿੱਤੇ ਹਨ। ਇਕ ਵੈਬਸਾਈਟ ਦੀ ਵਿਸ਼ੇਸ਼ ਪੜਤਾਲ ਵਿੱਚ ਸਾਹਮਣੇ ਆਇਆ ਹੈ ਕਿ ਟਰੰਪ ਦੇ ਕਿਸੇ ਵੀ ਵੱਡੇ ਐਲਾਨ ਜਾਂ ਸੋਸ਼ਲ ਮੀਡੀਆ ਪੋਸਟ ਤੋਂ ਠੀਕ ਪਹਿਲਾਂ ਕੁਝ ਖਾਸ ਲੋਕਾਂ ਨੇ ਬਾਜ਼ਾਰ ਵਿੱਚ ਸਹੀ ਦਾਅ ਲਗਾ ਕੇ ਕਰੋੜਾਂ-ਅਰਬਾਂ ਰੁਪਏ ਦਾ ਮੁਨਾਫਾ ਕਮਾਇਆ ਹੈ। ਇਸ ਨਾਲ 'ਇਨਸਾਈਡਰ ਟ੍ਰੇਡਿੰਗ' (ਗੁਪਤ ਜਾਣਕਾਰੀ ਦੇ ਆਧਾਰ 'ਤੇ ਵਪਾਰ) ਦੇ ਸ਼ੱਕ ਡੂੰਘੇ ਹੋ ਗਏ ਹਨ। ਰਿਪੋਰਟਾਂ ਮੁਤਾਬਕ, ਜਦੋਂ ਟਰੰਪ ਵੱਲੋਂ ਕੋਈ ਅਧਿਕਾਰਤ ਜਾਣਕਾਰੀ ਜਨਤਕ ਕੀਤੀ ਜਾਂਦੀ ਸੀ, ਉਸ ਤੋਂ ਕੁਝ ਮਿੰਟ ਪਹਿਲਾਂ ਹੀ ਟ੍ਰੇਡਿੰਗ ਦੀ ਰਫ਼ਤਾਰ ਅਚਾਨਕ ਤੇਜ਼ ਹੋ ਜਾਂਦੀ ਸੀ। ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਕੁਝ ਖਾਸ ਜਾਣਕਾਰੀ ਪਹਿਲਾਂ ਹੀ ਲੀਕ ਹੋ ਰਹੀ ਸੀ,



ਜੋ ਆਮ ਨਿਵੇਸ਼ਕਾਂ ਦੇ ਭਰੋਸੇ ਨਾਲ ਖਿਲਵਾੜ ਹੈ। ਈਰਾਨ ਜੰਗ 'ਤੇ ਐਲਾਨ (9 ਮਾਰਚ 2026): ਟਰੰਪ ਨੇ ਰਾਤ 7:16 ਵਜੇ ਐਲਾਨ ਕੀਤਾ ਕਿ ਜੰਗ ਲਗਭਗ ਖ਼ਤਮ ਹੋ ਗਈ ਹੈ, ਜਿਸ ਨਾਲ ਤੇਲ ਦੀਆਂ ਕੀਮਤਾਂ 25% ਡਿੱਗ ਗਈਆਂ। ਪਰ ਹੈਰਾਨੀ ਦੀ ਗੱਲ ਇਹ ਹੈ ਕਿ 47 ਮਿੰਟ ਪਹਿਲਾਂ ਹੀ ਸ਼ੱਕੀ ਟ੍ਰੇਡਿੰਗ ਸ਼ੁਰੂ ਹੋ ਗਈ ਸੀ, ਜਿਸ ਰਾਹੀਂ ਕੁਝ ਨਿਵੇਸ਼ਕਾਂ ਨੇ 460 ਕਰੋੜ ਰੁਪਏ ਦਾ ਵੱਡਾ ਮੁਨਾਫਾ ਕਮਾਇਆ। 'ਟਰੂਥ ਸੋਸ਼ਲ' ਪੋਸਟ (23 ਮਾਰਚ 2026): ਟਰੰਪ ਦੀ ਪੋਸਟ ਤੋਂ 14 ਮਿੰਟ ਪਹਿਲਾਂ ਤੇਲ ਦੀਆਂ ਕੀਮਤਾਂ ਡਿੱਗਣ 'ਤੇ ਵੱਡੇ ਦਾਅ ਲਗਾਏ ਗਏ। ਇਸ ਛੋਟੀ ਜਿਹੀ ਖੇਡ ਵਿੱਚ ਕਿਸੇ ਨੇ 250 ਕਰੋੜ ਰੁਪਏ ਤੋਂ ਵੱਧ ਦੀ ਕਮਾਈ ਕੀਤੀ। ਟੈਰਿਫ 'ਤੇ ਰਾਹਤ (2 ਅਪ੍ਰੈਲ 2025): ਜਦੋਂ ਟਰੰਪ ਨੇ ਚੀਨ ਨੂੰ ਛੱਡ ਕੇ ਹੋਰ ਦੇਸ਼ਾਂ ਨੂੰ ਟੈਰਿਫ ਵਿੱਚ 90 ਦਿਨਾਂ ਦੀ ਰਾਹਤ ਦਿੱਤੀ, ਤਾਂ ਐਲਾਨ ਤੋਂ ਪਹਿਲਾਂ ਹੀ ਟ੍ਰੇਡਿੰਗ 30 ਗੁਣਾ ਵਧ ਗਈ। ਸਿਰਫ 16.5 ਕਰੋੜ ਦਾ ਦਾਅ ਲਗਾ ਕੇ 165 ਕਰੋੜ ਰੁਪਏ ਦਾ ਮੁਨਾਫਾ ਬਣਾਇਆ ਗਿਆ। ਮਾਦੁਰੋ ਦੀ ਹਟਾਉਣ ਦੀ ਭਵਿੱਖਬਾਣੀ (3 ਜਨਵਰੀ 2026): ਆਨਲਾਈਨ ਪ੍ਰੈਡਿਕਸ਼ਨ ਮਾਰਕੀਟ ਵਿੱਚ ਇੱਕ ਨਵਾਂ ਖਾਤਾ ਬਣਿਆ ਜਿਸ ਨੇ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਦੇ ਹਟਣ 'ਤੇ ਪੈਸੇ ਲਗਾਏ। ਜਿੱਤਣ ਤੋਂ ਬਾਅਦ 3.6 ਕਰੋੜ ਰੁਪਏ ਕਮਾਏ ਅਤੇ ਤੁਰੰਤ ਖਾਤਾ ਬੰਦ ਕਰ ਦਿੱਤਾ।

## ਇਰਾਨ ਦਾ 'ਯੂ-ਟਰਨ' ! ਇਸਲਾਮਾਬਾਦ 'ਚ ਅਮਰੀਕਾ ਨਾਲ ਗੱਲਬਾਤ ਲਈ ਹੋਇਆ 'ਰਾਜ਼ੀ'

**ਇਸਲਾਮਾਬਾਦ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ-ਇਰਾਨ ਵਿਚਾਲੇ ਇਸਲਾਮਾਬਾਦ 'ਚ ਪਹਿਲੇ ਦੌਰ ਦੀ ਗੱਲਬਾਤ ਜਦੋਂ ਨਾਕਾਮ ਹੋ ਚੁੱਕੀ ਹੈ ਤਾਂ ਦੋਵਾਂ ਦੇਸ਼ਾਂ ਨੇ ਸੰਕੇਤ ਦਿੱਤਾ ਹੈ ਕਿ ਉਹ ਪਾਕਿਸਤਾਨ ਦੀ ਅਗਵਾਈ ਵਿੱਚ ਹੋਣ ਵਾਲੀ ਸ਼ਾਂਤੀ ਗੱਲਬਾਤ ਦੇ ਨਵੇਂ ਦੌਰ ਵਿੱਚ ਸ਼ਾਮਲ ਹੋਣਗੇ। ਖੇਤਰੀ ਅਧਿਕਾਰੀਆਂ ਅਨੁਸਾਰ, ਇਸਲਾਮਾਬਾਦ ਵਿੱਚ ਹੋਣ ਵਾਲੀ ਇਸ ਅਹਿਮ ਬੈਠਕ ਲਈ ਦੋਵਾਂ ਦੇਸ਼ਾਂ ਨੇ ਹਾਮੀ ਭਰ ਦਿੱਤੀ ਹੈ। ਇਸ ਬੈਠਕ 'ਚ ਅਮਰੀਕੀ ਵਫ਼ਦ ਦੀ ਅਗਵਾਈ ਉਪ-ਰਾਸ਼ਟਰਪਤੀ ਜੇਡੀ ਵਾਂਸ ਕਰਨਗੇ, ਜਦਕਿ ਇਰਾਨ ਵੱਲੋਂ ਸੰਸਦ ਦੇ ਸਪੀਕਰ ਮੁਹੰਮਦ ਬਾਕਰ ਕਾਲੀਬਾਫ ਆਪਣੇ ਵਫ਼ਦ ਦੀ




ਅਗਵਾਈ ਕਰਨਗੇ। ਅਧਿਕਾਰੀਆਂ ਨੇ ਪੁਸ਼ਟੀ ਕੀਤੀ ਹੈ ਕਿ ਦੋਵੇਂ ਚੋਟੀ ਦੇ ਨੇਤਾ ਬੁੱਧਵਾਰ ਤੜਕੇ ਇਸਲਾਮਾਬਾਦ ਪਹੁੰਚਣਗੇ। ਇਸ ਤੋਂ ਪਹਿਲਾਂ ਅਮਰੀਕੀ ਵਫ਼ਦ ਦੇ ਜਿੱਥੇ ਪਾਕਿਸਤਾਨ ਪਹੁੰਚਣ ਦੀਆਂ ਖ਼ਬਰਾਂ ਸਾਹਮਣੇ ਆਈਆਂ ਹਨ, ਉੱਥੇ ਹੀ ਪਹਿਲਾਂ ਇਹ ਖ਼ਬਰਾਂ ਵੀ ਆਈਆਂ ਸਨ ਕਿ ਇਰਾਨ ਨੇ ਇਸ ਗੱਲਬਾਤ 'ਚ ਸ਼ਾਮਲ ਹੋਣ ਤੋਂ ਇਨਕਾਰ ਕਰ ਦਿੱਤਾ ਸੀ। ਇਹ ਗੱਲਬਾਤ ਅਜਿਹੇ ਨਾਜ਼ੁਕ ਮੋੜ 'ਤੇ ਹੋ ਰਹੀ ਹੈ ਜਦੋਂ ਅਮਰੀਕਾ ਅਤੇ ਇਰਾਨ ਵਿਚਾਲੇ ਪਹਿਲਾਂ ਤੋਂ ਚੱਲ ਰਹੀ ਦੋ ਹਫ਼ਤਿਆਂ ਦੀ ਜੰਗਬੰਦੀ ਖ਼ਤਮ ਹੋਣ ਵਾਲੀ ਹੈ। ਹਾਲਾਂਕਿ ਅਧਿਕਾਰੀਆਂ ਨੇ ਗੱਲਬਾਤ ਦੀ ਪੁਸ਼ਟੀ ਕੀਤੀ ਹੈ, ਪਰ ਇਰਾਨੀ ਸਰਕਾਰੀ ਟੈਲੀਵਿਜ਼ਨ ਨੇ ਫਿਲਹਾਲ ਇਸ ਗੱਲ ਤੋਂ ਇਨਕਾਰ ਕੀਤਾ ਹੈ ਕਿ ਉਨ੍ਹਾਂ ਦਾ ਕੋਈ ਅਧਿਕਾਰੀ ਪਹਿਲਾਂ ਹੀ ਪਾਕਿਸਤਾਨ ਵਿੱਚ ਮੌਜੂਦ ਹੈ। ਦੂਜੇ ਪਾਸੇ, ਅਮਰੀਕਾ ਨੇ ਵੀ ਜਨਤਕ ਤੌਰ 'ਤੇ ਅਜੇ ਤੱਕ ਵਾਰਤਾ ਦੇ ਸਮੇਂ ਦੀ ਪੁਸ਼ਟੀ ਨਹੀਂ ਕੀਤੀ ਹੈ। ਜ਼ਿਕਰਯੋਗ ਹੈ ਕਿ ਪਾਕਿਸਤਾਨ ਇਸ ਮਾਮਲੇ ਵਿੱਚ ਇੱਕ ਮੁੱਖ ਵਿਚੋਲੇ ਵਜੋਂ ਕੰਮ ਕਰ ਰਿਹਾ ਹੈ। ਪਾਕਿਸਤਾਨੀ ਲੀਡਰਸ਼ਿਪ ਦੋਵਾਂ ਦੇਸ਼ਾਂ ਵਿਚਾਲੇ ਤਣਾਅ ਨੂੰ ਘੱਟ ਕਰਨ ਅਤੇ ਖਿੱਤੇ ਵਿੱਚ ਸ਼ਾਂਤੀ ਸਥਾਪਿਤ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਕਰ ਰਹੀ ਹੈ। ਹੁਣ ਦੇਖਣਾ ਹੋਵੇਗਾ ਕਿ ਪਹਿਲੇ ਦੌਰ ਦੀ ਗੱਲਬਾਤ ਨਾਕਾਮ ਹੋਣ ਮਗਰੋਂ ਦੂਜੇ ਦੌਰ ਦੀ ਗੱਲਬਾਤ ਸਿਰੇ ਚੜ੍ਹਦੀ ਹੈ ਜਾਂ ਨਹੀਂ।

## ਫਗਵਾੜਾ 'ਚ ਡੀਐਸਪੀ ਯੋਗੇਸ਼ ਕੁਮਾਰ ਸ਼ਰਮਾ ਦੀ ਗੋਲੀ ਲੱਗਣ ਕਾਰਨ ਮੌਤ; ਸਰਕਾਰੀ ਕੁਆਰਟਰ 'ਚ ਮਿਲੀ ਲਾਸ਼






**ਫਗਵਾੜਾ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਕਪੂਰਥਲਾ ਜ਼ਿਲ੍ਹੇ ਦੇ ਫਗਵਾੜਾ ਵਿੱਚ ਡੀਐਸਪੀ ਯੋਗੇਸ਼ ਕੁਮਾਰ ਦੀ ਆਪਣੀ ਸਰਕਾਰੀ ਰਿਵਾਲਵਰ ਨਾਲ ਗੋਲੀ ਲੱਗਣ ਨਾਲ ਮੌਤ ਹੋ ਗਈ ਹੈ। ਰਿਪੋਰਟਾਂ ਅਨੁਸਾਰ, ਇਹ ਘਟਨਾ ਸਵੇਰੇ 7:30 ਵਜੇ ਦੇ ਕਰੀਬ ਫਗਵਾੜਾ ਦੇ ਸਦਰ ਪੁਲਿਸ ਸਟੇਸ਼ਨ ਨੇੜੇ ਉਨ੍ਹਾਂ ਦੇ ਸਰਕਾਰੀ ਕੁਆਰਟਰ ਵਿੱਚ ਵਾਪਰੀ। ਦੱਸਿਆ ਜਾ ਰਿਹਾ ਹੈ ਕਿ ਗੋਲੀ ਉਨ੍ਹਾਂ ਦੀ ਛਾਤੀ ਵਿੱਚ ਲੱਗੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਤੁਰੰਤ ਜਲੰਧਰ ਦੇ ਜੌਹਲ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਫਗਵਾੜਾ ਤੋਂ ਇੱਕ ਸਨਸਨੀਖੇਜ਼ ਖ਼ਬਰ ਸਾਹਮਣੇ ਆਈ ਹੈ। ਡੀਐਸਪੀ ਯੋਗੇਸ਼ ਕੁਮਾਰ ਦੀ ਸਵੇਰੇ 7:30 ਵਜੇ ਦੇ ਕਰੀਬ ਫਗਵਾੜਾ ਦੇ ਸਦਰ ਪੁਲਿਸ ਸਟੇਸ਼ਨ ਨੇੜੇ ਉਨ੍ਹਾਂ ਦੇ ਸਰਕਾਰੀ ਕੁਆਰਟਰ ਵਿੱਚ ਗੋਲੀ ਲੱਗਣ ਨਾਲ ਮੌਤ ਹੋ ਗਈ ਹੈ। ਦੱਸਿਆ ਜਾ ਰਿਹਾ ਹੈ ਕਿ ਗੋਲੀ ਉਨ੍ਹਾਂ ਦੀ ਛਾਤੀ ਵਿੱਚ ਲੱਗੀ, ਜਿਸ ਤੋਂ ਬਾਅਦ ਉਨ੍ਹਾਂ ਨੂੰ ਤੁਰੰਤ ਜਲੰਧਰ ਦੇ ਜੌਹਲ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ।

ਸ਼ੁਰੂਆਤੀ ਜਾਣਕਾਰੀ ਤੋਂ ਪਤਾ ਚੱਲਦਾ ਹੈ ਕਿ ਜਦੋਂ ਉਹ ਉਸ ਸਵੇਰੇ ਆਪਣੀ ਸਰਕਾਰੀ ਪਿਸਤੌਲ ਸਾਫ਼ ਕਰ ਰਹੇ ਸਨ, ਤਾਂ ਇੱਕ ਗੋਲੀ ਚੱਲੀ, ਜੋ ਯੋਗੇਸ਼ ਕੁਮਾਰ ਦੀ ਛਾਤੀ ਵਿੱਚ ਲੱਗੀ। ਗੋਲੀ ਦੀ ਆਵਾਜ਼ ਸੁਣ ਕੇ, ਨੇੜੇ ਰਹਿੰਦੇ ਪੁਲਿਸ ਅਧਿਕਾਰੀ ਉਨ੍ਹਾਂ ਨੂੰ ਇਲਾਜ ਲਈ ਜਲੰਧਰ ਦੇ ਇੱਕ ਨਿੱਜੀ ਹਸਪਤਾਲ ਲੈ ਗਏ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਿਸ ਇਸ ਵੇਲੇ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਖ਼ੁਦਕੁਸ਼ੀ ਦੇ ਕਾਰਨਾਂ ਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਹੋਰ ਅਪਡੇਟਾਂ ਦੀ ਉਡੀਕ ਹੈ।

## ਐਮ.ਪੀ. ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫ਼ਤਾਰ ਕਰਨ ਲਈ ਡਿਬਰੂਗੜ੍ਹ ਪਹੁੰਚੀ ਪੰਜਾਬ ਪੁਲਿਸ ਦੀ ਟੀਮ

**ਡਿਬਰੂਗੜ੍ਹ/ਅੰਮ੍ਰਿਤਸਰ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਹਲਚਲ ਤੇਜ਼ ਹੋ ਗਈ ਹੈ। ਪੰਜਾਬ ਪੁਲਿਸ ਦੀ ਇੱਕ ਵਿਸ਼ੇਸ਼ ਟੀਮ ਅਸਾਮ ਦੀ ਡਿਬਰੂਗੜ੍ਹ ਕੇਂਦਰੀ ਜੇਲ੍ਹ ਪਹੁੰਚੀ ਹੈ, ਜਿੱਥੇ ਅੰਮ੍ਰਿਤਪਾਲ ਸਿੰਘ ਇਸ ਸਮੇਂ ਰਾਸ਼ਟਰੀ ਸੁਰੱਖਿਆ ਐਕਟ (ਐਨਐਸਏ) ਅਧੀਨ ਬੰਦ ਹੈ। ਅੰਮ੍ਰਿਤਪਾਲ ਸਿੰਘ ਦੀ ਐਨਐਸਏ ਹਿਰਾਸਤ 22 ਅਪ੍ਰੈਲ ਨੂੰ ਖਤਮ ਹੋ ਰਹੀ ਹੈ। ਐਨਐਸਏ ਖ਼ਤਮ ਹੋਣ ਤੋਂ ਬਾਅਦ ਅਜਨਾਲਾ ਕੇਸ ਵਿੱਚ ਅੰਮ੍ਰਿਤਪਾਲ ਸਿੰਘ ਦੀ ਗ੍ਰਿਫ਼ਤਾਰੀ ਪਾਈ ਜਾਏਗੀ। ਜਿੱਥੇ ਉਸਦਾ ਰਿਮਾਂਡ ਲਿਆ ਜਾਵੇਗਾ। ਉਸ ਤੋਂ ਬਾਅਦ ਸੁਣਵਾਈ ਸ਼ੁਰੂ ਹੋਣ ਦੀ ਉਮੀਦ ਹੈ। ਫਿਲਹਾਲ ਅੰਮ੍ਰਿਤਪਾਲ ਸਿੰਘ ਡਿਬਰੂਗੜ੍ਹ ਜੇਲ੍ਹ ਵਿੱਚ ਹੀ ਬੰਦ ਰਹਿਣਗੇ।



**ਅੰਮ੍ਰਿਤਪਾਲ ਨੂੰ ਅਪ੍ਰੈਲ 2023 ਵਿੱਚ ਕੀਤਾ ਸੀ ਗ੍ਰਿਫ਼ਤਾਰ** : ਅੰਮ੍ਰਿਤਪਾਲ ਸਿੰਘ ਨੂੰ ਅਪ੍ਰੈਲ 2023 ਵਿੱਚ ਮੋਗਾ ਦੇ ਰੋਡੇ ਪਿੰਡ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਫਰਵਰੀ 2023 ਵਿੱਚ ਅਜਨਾਲਾ ਪੁਲਿਸ ਸਟੇਸ਼ਨ 'ਤੇ ਹਮਲੇ ਦਾ ਮਾਮਲਾ ਸਾਹਮਣੇ ਆਇਆ ਸੀ, ਜਿੱਥੇ ਉਹ ਅਤੇ ਉਸਦੇ ਸਮਰਥਕ ਬੈਰੀਕੇਡ ਤੋੜ ਕੇ ਪੁਲਿਸ ਸਟੇਸ਼ਨ ਵਿੱਚ ਦਾਖਲ ਹੋਏ ਸਨ, ਇੱਕ ਸਾਥੀ ਨੂੰ ਛੁਡਾਉਣ ਲਈ ਪੁਲਿਸ ਨਾਲ ਝੜਪ ਹੋਈ ਸੀ।

**ਗ੍ਰਿਫਤਾਰੀ ਤੋਂ ਬਾਅਦ ਮੁਕੱਦਮੇ ਦੀ ਪ੍ਰਕਿਰਿਆ ਤੇਜ਼** : ਅੰਮ੍ਰਿਤਪਾਲ ਸਿੰਘ ਸਮੇਤ 41 ਲੋਕਾਂ ਵਿਰੁੱਧ ਕਤਲ ਦੀ ਕੋਸ਼ਿਸ਼, ਸਰਕਾਰੀ ਕਰਮਚਾਰੀਆਂ 'ਤੇ ਹਮਲਾ, ਅਪਰਾਧਿਕ ਸਾਜ਼ਿਸ਼ ਅਤੇ ਦੰਗਾ ਕਰਨ ਸਮੇਤ ਗੰਭੀਰ ਆਰੋਪ ਦਰਜ ਕੀਤੇ ਗਏ ਹਨ। ਪੁਲਿਸ ਅਨੁਸਾਰ ਅੰਮ੍ਰਿਤਪਾਲ ਇਸ ਮਾਮਲੇ ਵਿੱਚ ਮੁੱਖ ਆਰੋਪੀ ਹੈ, ਅਤੇ ਉਸਦੀ ਗ੍ਰਿਫਤਾਰੀ ਨਾਲ ਮੁਕੱਦਮੇ ਦੀ ਪ੍ਰਕਿਰਿਆ ਤੇਜ਼ ਹੋਵੇਗੀ। ਇਸ ਤੋਂ ਇਲਾਵਾ ਅੰਮ੍ਰਿਤਪਾਲ ਸਿੰਘ ਵਿਰੁੱਧ ਵੱਖ-ਵੱਖ ਜ਼ਿਲ੍ਹਿਆਂ ਵਿੱਚ ਕਈ ਹੋਰ ਮਾਮਲੇ ਵੀ ਦਰਜ ਹਨ। ਸਿੱਟੇ ਵਜੋਂ ਇਹ ਮਾਮਲਾ ਆਉਣ ਵਾਲੇ ਦਿਨਾਂ ਵਿੱਚ ਨਾ ਸਿਰਫ਼ ਕਾਨੂੰਨੀ ਤੌਰ 'ਤੇ ਸਗੋਂ ਰਾਜਨੀਤਿਕ ਤੌਰ 'ਤੇ ਵੀ ਮਹੱਤਵਪੂਰਨ ਮੋੜ ਲੈ ਸਕਦਾ ਹੈ।

## ਲਾਰੈਂਸ ਆਫ਼ ਪੰਜਾਬ ਵੈਬ ਸੀਰੀਜ਼ 'ਤੇ ਵਿਵਾਦ; ਵੈੱਬ ਸੀਰੀਜ਼ 'ਤੇ ਪਾਬੰਦੀ ਲਗਾਉਣ ਦੀ ਉੱਠੀ ਮੰਗ, ਕੋਰਟ ਜਾਵੇਗੀ ਪੰਜਾਬ ਕਾਂਗਰਸ

ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਦੇ ਮਾਸਟਰਮਾਈਂਡ ਗੈਂਗਸਟਰ ਲਾਰੈਂਸ ਦੇ ਜੀਵਨ 'ਤੇ ਆਧਾਰਿਤ ਦਸਤਾਵੇਜ਼ੀ ਲੜੀ "ਲਾਰੈਂਸ ਆਫ਼ ਪੰਜਾਬ" ਨੂੰ ਲੈ ਕੇ ਵਿਵਾਦ ਖੜ੍ਹਾ ਹੋ ਗਿਆ ਹੈ। ਪੰਜਾਬ ਕਾਂਗਰਸ ਹੁਣ ਇਸ ਮਾਮਲੇ ਵਿੱਚ ਅੱਗੇ ਆਈ ਹੈ। ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਉਹ ਇਸ ਫਿਲਮ ਖਿਲਾਫ ਹਾਈ ਕੋਰਟ ਵਿੱਚ ਕੇਸ ਦਾਇਰ ਕਰਨਗੇ। ਉਨ੍ਹਾਂ ਨੇ ਨਿੱਜੀ ਤੌਰ 'ਤੇ ਆਪਣੇ ਸੋਸ਼ਲ ਮੀਡੀਆ ਅਕਾਊਂਟ, ਐਕਸ 'ਤੇ ਇਹ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਲਿਖਿਆ ਕਿ ਇਹ ਸੰਤੁਸ਼ਟੀਜਨਕ ਨਹੀਂ ਹੈ, ਸਗੋਂ ਸਾਡੇ ਸਾਰਿਆਂ ਦੇ ਮੂੰਹ 'ਤੇ ਥੱਪੜ ਹੈ।

## 'ਲਾਰੈਂਸ ਆਫ਼ ਪੰਜਾਬ' 'ਤੇ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਜਤਾਇਆ ਇਤਰਾਜ, ਕਿਹਾ-ਲਾਰੈਂਸ ਦੇ ਹੱਥ ਖ਼ੂਨ ਨਾਲ ਰੰਗੇ...





**ਚੰਡੀਗੜ੍ਹ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਦੇ ਮਾਸਟਰਮਾਈਂਡ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਜੀਵਨ 'ਤੇ ਆਧਾਰਿਤ ਦਸਤਾਵੇਜ਼ੀ ਲੜੀ "ਲਾਰੈਂਸ ਆਫ਼ ਪੰਜਾਬ" ਨੂੰ ਲੈ ਕੇ ਵਿਵਾਦ ਖੜ੍ਹਾ ਹੋ ਗਿਆ ਹੈ। ਉੱਥੇ ਹੀ ਹੁਣ ਇਸ ਵੈੱਡ ਸੀਰੀਜ਼ 'ਤੇ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਵੀ ਸਵਾਲ ਚੁੱਕੇ ਹਨ। ਦਰਅਸਲ ਫਿਲਮ "ਲਾਰੈਂਸ ਆਫ ਪੰਜਾਬ" ਇੱਕ ਗੈਂਗਸਟਰ ਦੀ ਕਹਾਣੀ ਨੂੰ ਦਰਸਾਉਂਦੀ ਹੈ। ਸਿੱਧੂ ਮੂਸੇਵਾਲਾ ਦੇ ਪਿਤਾ ਦਾ ਕਹਿਣਾ ਹੈ ਕਿ ਇਹ ਸਮਾਜ ਨੂੰ ਗਲਤ ਸੁਨੇਹਾ ਦੇ ਰਿਹਾ ਹੈ। ਉਨ੍ਹਾਂ ਦਾ ਇਲਜ਼ਾਮ ਹੈ ਕਿ ਗੈਂਗਸਟਰਾਂ ਨੂੰ ਹੀਰੋ ਵਜੋਂ ਦਰਸਾਇਆ ਜਾ ਰਿਹਾ ਹੈ, ਜੋ ਨੌਜਵਾਨਾਂ ਲਈ ਖ਼ਤਰਨਾਕ ਸਾਬਤ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਬਹੁਤ ਸਾਰੇ ਸ਼ਹੀਦ, ਯੋਧੇ, ਵਿਗਿਆਨੀ ਅਤੇ ਖਿਡਾਰੀ ਹਨ ਜਿਨ੍ਹਾਂ ਬਾਰੇ ਫਿਲਮਾਂ ਬਣਾਈਆਂ ਜਾ ਸਕਦੀਆਂ ਹਨ, ਪਰ ਇਹ ਸਿਰਫ਼ ਇਸ ਗੈਂਗਸਟਰ 'ਤੇ ਹੀ ਕਿਉਂ ਬਣਾਈ ਜਾ ਰਹੀ ਹੈ? ਉਨ੍ਹਾਂ ਕਿਹਾ ਕਿ ਇਸ ਗੈਂਗਸਟਰ ਨੇ ਉਨ੍ਹਾਂ ਦੇ ਪੁੱਤ ਨੂੰ ਮਾਰਿਆ, ਜਿਸਦਾ ਉਨ੍ਹਾਂ ਨੂੰ ਅੱਜ ਤੱਕ ਇਨਸਾਫ ਨਹੀਂ ਮਿਲਿਆ ਹੈ। ਲਾਰੈਂਸ ਬਿਸ਼ਨੋਈ ਦੇ ਹੱਥ ਖ਼ੂਨ ਨਾਲ ਰੰਗੇ ਹੋਏ ਹਨ, ਪੰਜਾਬੀਆਂ ਦਾ ਕਾਤਲ ਹੈ। ਮੂਸੇਵਾਲਾ ਦੇ ਪਿਤਾ ਨੇ ਅੱਗੇ ਕਿਹਾ ਕਿ ਸਰਕਾਰ ਨੂੰ ਅਜਿਹੀਆਂ ਫਿਲਮਾਂ 'ਤੇ ਪਾਬੰਦੀ ਲਗਾਉਣੀ ਚਾਹੀਦੀ ਹੈ। ਅਪਰਾਧ ਚੁਣਨ ਵਾਲਿਆਂ ਦੀ ਵਡਿਆਈ ਕਰਨਾ ਬਿਲਕੁਲ ਗਲਤ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਵਿੱਚ ਨੌਜਵਾਨ ਪਹਿਲਾਂ ਹੀ ਕੁਰਾਹੇ ਪੈ ਰਹੇ ਹਨ, ਅਤੇ ਅਜਿਹੀਆਂ ਫਿਲਮਾਂ ਇਸ ਸਮੱਸਿਆ ਨੂੰ ਹੋਰ ਵਧਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਅੱਜ ਤੱਕ ਇਨਸਾਫ਼ ਨਹੀਂ ਮਿਲਿਆ ਹੈ। ਬਾਲੀਵੁੱਡ ਅੱਪਡੇਟ ਖੈਰ ਹੁਣ ਇਹ ਦੇਖਣਾ ਹੋਵੇਗਾ ਕਿ ਸਰਕਾਰ ਇਸ ਮੁੱਦੇ 'ਤੇ ਕੀ ਕਦਮ ਚੁੱਕਦੀ ਹੈ ਅਤੇ ਕੀ ਇਸ ਫਿਲਮ 'ਤੇ ਕੋਈ ਕਾਰਵਾਈ ਕੀਤੀ ਜਾਂਦੀ ਹੈ ਜਾਂ ਨਹੀਂ। ਫਿਲਹਾਲ ਇਹ ਮਾਮਲਾ ਪੰਜਾਬ 'ਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।




ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

---

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

ਦਮਦਮੀ ਟਕਸਾਲ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
*Raghbir Singh Walsal*
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

## ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**


ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਜਿਲਾ ਪ੍ਰੀਸ਼ਦ ਮੈਂਬਰ ਜਰਮਨ ਉਦੋਨੰਗਲ ਨੂੰ ਸਦਮਾ

# ਸਤਿਕਾਰਯੋਗ ਮਾਤਾ ਜਸਬੀਰ ਕੌਰ ਦਾ ਦਿਹਾਂਤ






**ਚੌਂਕ ਮਹਿਤਾ, 21 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਜਿਲਾ ਪ੍ਰੀਸ਼ਦ ਮੈਂਬਰ ਜਰਮਨ ਉਦੋਨੰਗਲ (ਬਲਾਕ ਪ੍ਰਧਾਨ) ਅਤੇ ਨਵਜੋਸ਼ ਸਿੰਘ ਰੰਧਾਵਾ ਨੂੰ ਉਸ ਵਕਤ ਵੱਡਾ ਸਦਮਾਂ ਲੱਗਾ, ਜਦ ਉਨ੍ਹਾਂ ਦੇ ਸਤਿਕਾਰਯੋਗ ਮਾਤਾ ਜਸਬੀਰ ਕੌਰ (62) ਪਿਛਲੇ ਕਰੀਬ ਇਕ ਮਹੀਨੇ ਤੋਂ ਲਗਾਤਾਰ ਬਿਮਾਰ ਰਹਿਣ ਕਾਰਨ ਬੀਤੀ ਰਾਤ ਅਕਾਲ ਚਲਾਣਾ ਕਰ ਗਏ। ਜਿਕਰਯੋਗ ਹੈ ਕਿ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਰਿਸ਼ਤੇਦਾਰਾਂ ਤੇ ਸਬੰਧੀਆਂ ਦੀ ਮੌਜੂਦਗੀ ਵਿੱਚ ਅੱਜ ਪਿੰਡ ਉਦੋਨੰਗਲ ਦੇ ਸ਼ਮਸ਼ਾਨਘਾਟ 'ਚ ਕਰ ਦਿੱਤਾ ਗਿਆ। ਇਸ ਦੌਰਾਨ ਵੱਡੇ ਸਪੁੱਤਰ ਜਰਮਨ ਉਦੋ ਨੰਗਲ ਨੇ ਮਾਤਾ ਜੀ ਦੀ ਚਿਖਾ ਨੂੰ ਅਗਨ ਭੇਟ ਕੀਤਾ। ਇਸ ਦੁੱਖ ਦੀ ਘੜੀ ਵਿੱਚ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਉਚੇਚੇ ਤੌਰ ਤੇ ਪਹੁੰਚੇ, ਜਿਨ੍ਹਾਂ ਨੇ ਮਾਤਾ ਜੀ ਦੀ ਅਰਥੀ ਨੂੰ ਮੋਢਾ ਦਿੱਤਾ ਅਤੇ ਮਾਤਾ ਜੀ ਦੇ ਚਲੇ ਜਾਣ 'ਤੇ ਜਿਲਾ ਪ੍ਰੀਸ਼ਦ ਮੈਂਬਰ ਜਰਮਨ ਉਦੋ ਨੰਗਲ ਤੇ ਪ੍ਰਧਾਨ ਜਗਦੇਵ ਸਿੰਘ ਉਦੋ ਨੰਗਲ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਪਰਿਵਾਰ ਨੂੰ ਭਾਣਾ ਮੰਨਣ ਲਈ ਹੌਸਲਾ ਦਿੱਤਾ। ਇਸ ਮੌਕੇ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ, ਚੇਅਰਮੈਨ ਸੁੱਖ ਰੰਧਾਵਾ, ਚੇਅਰਮੈਨ ਅਮਰੀਕ ਸਿੰਘ ਸੋਢੀ, ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ, ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਘੁਹਾਟਵਿੰਡ, ਠੇਕੇਦਾਰ ਲਖਵਿੰਦਰ ਸਿੰਘ (ਸਰਪੰਚ ਉਸਮਾਂ), ਸਰਪੰਚ ਅਜੇ ਗਾਂਧੀ , ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ, ਰਾਜਬੀਰ ਸਿੰਘ ਉਦੋ ਨੰਗਲ, ਗੁਰਮੁੱਖ ਸਿੰਘ ਸਾਬਾ ਉਦੋ ਨੰਗਲ, ਟ੍ਰੇਡ ਕਮਿਸ਼ਨ ਦੇ ਮੈਂਬਰ ਰਾਜਵਿੰਦਰ ਸਿੰਘ ਲਾਡੀ ਸੂਰੋ ਪੱਡਾ ਤੋਂ ਇਲਾਵਾ ਇਲਾਕੇ ਦੇ ਸਰਪੰਚ ਪੰਚ ਮੁਹਤਬਰ ਵਿਅਕਤੀ ਹਾਜਰ ਸਨ।

## ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਮਾਤਾ ਜੀ ਦੀ ਅਰਥੀ ਮੋਢਾ ਦਿੱਤਾ

ਸਿਵਲ ਹਸਪਤਾਲ ਤਲਵੰਡੀ ਸਾਬੋ ਦਾ ਦੌਰਾ ਕਰਕੇ ਪ੍ਰੋ. ਬਲਜਿੰਦਰ ਕੌਰ ਨੇ ਸਿਹਤ ਸਹੂਲਤਾਂ ਦਾ ਲਿਆ ਜਾਇਜ਼ਾ

# ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ- ਪ੍ਰੋ. ਬਲਜਿੰਦਰ ਕੌਰ






**ਤਲਵੰਡੀ ਸਾਬੋ, 21 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਹਲਕਾ ਵਿਧਾਇਕਾ, ਕੈਬਨਿਟ ਰੈਂਕ ਅਤੇ ਚੀਫ ਵਿਪ ਪ੍ਰੋ. ਬਲਜਿੰਦਰ ਕੌਰ ਨੇ ਅੱਜ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਦਾ ਦੌਰਾ ਕਰਕੇ ਸਿਹਤ ਸੇਵਾਵਾਂ ਅਤੇ ਹਸਪਤਾਲ ਵਿੱਚ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਸਿਵਲ ਸਰਜਨ ਬਠਿੰਡਾ ਡਾ. ਤੁਪਿੰਦਰਜੋਤ ਕੌਸ਼ਲ ਅਤੇ ਐਸ.ਐਮ.ਓ. ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਵੀ ਮੌਜੂਦ ਸਨ। ਦੌਰੇ ਦੌਰਾਨ ਪ੍ਰੋ. ਬਲਜਿੰਦਰ ਕੌਰ ਨੇ ਹਸਪਤਾਲ ਦੀ ਨਵੀਂ ਬਣੀ ਇਮਾਰਤ ਦਾ ਨਿਰੀਖਣ ਕੀਤਾ ਅਤੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਦਿਆਂ ਦਾਖਲ ਮਰੀਜ਼ਾਂ ਨਾਲ ਮਿਲਕੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ। ਉਨ੍ਹਾਂ ਮਰੀਜ਼ਾਂ ਨਾਲ ਗੱਲਬਾਤ ਕਰਦਿਆਂ ਹਸਪਤਾਲ ਵਿੱਚ ਮਿਲ ਰਹੀਆਂ ਦਵਾਈਆਂ, ਇਲਾਜ, ਸਫਾਈ ਪ੍ਰਬੰਧ ਅਤੇ ਹੋਰ ਸਹੂਲਤਾਂ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਸਰਕਾਰੀ ਹਸਪਤਾਲਾਂ ਵਿੱਚ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਐਸ.ਐਮ.ਓ ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਕਿ ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ ਮਰੀਜ਼ਾਂ ਨੂੰ ਬਿਹਤਰ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਡਾਕਟਰਾਂ ਅਤੇ ਸਟਾਫ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਸਪਤਾਲ ਵਿੱਚ ਨਵੀਂ ਇਮਾਰਤ ਅਤੇ ਵਧਾਈਆਂ ਗਈਆਂ ਸਹੂਲਤਾਂ ਨਾਲ ਇਲਾਕੇ ਦੇ ਲੋਕਾਂ ਨੂੰ ਵੱਡਾ ਲਾਭ ਮਿਲੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਹਸਪਤਾਲ ਵਿੱਚ ਸਫਾਈ, ਦਵਾਈਆਂ ਦੀ ਉਪਲਬਧਤਾ ਅਤੇ ਮਰੀਜ਼ਾਂ ਦੀ ਦੇਖਭਾਲ ਨੂੰ ਪਹਿਲ ਦਿੱਤੀ ਜਾ ਰਹੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਰੀਜ਼ਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਉਣ ਦਿੱਤੀ ਜਾਵੇ ਅਤੇ ਸਿਹਤ ਸੇਵਾਵਾਂ ਵਿੱਚ ਹੋਰ ਸੁਧਾਰ ਲਈ ਲੋੜੀਂਦੇ ਕਦਮ ਚੁੱਕੇ ਜਾਣ। ਇਸ ਮੌਕੇ ਸਿਵਲ ਸਰਜਨ ਅਤੇ ਐਸ.ਐਮ.ਓ ਵੱਲੋਂ ਹਸਪਤਾਲ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਸਹੂਲਤਾਂ ਸਬੰਧੀ ਜਾਣਕਾਰੀ ਵੀ ਸਾਂਝੀ ਕੀਤੀ ਗਈ। ਦੌਰੇ ਦੌਰਾਨ ਹੋਰਨਾਂ ਤੋਂ ਇਲਾਵਾ ਸ਼ਹਿਰੀ ਬਲਾਕ ਪ੍ਰਧਾਨ ਤਰਸੇਮ ਸਿੰਗਲਾ, ਜਸਵਿੰਦਰ ਕੌਰ ਸਰਪੰਚ ਜਗਾ ਰਾਮ ਤੀਰਥ, ਹਰਜੀਤ ਸਿੰਘ ਸਰਾਂ ਤਲਵੰਡੀ ਸਾਬੋ, ਗੁਰਤੇਜ ਸਿੰਘ ਜੋਗੇਵਾਲਾ, ਨਿੱਜੀ ਸਹਾਇਕ ਕੇਵਲ ਸਿੰਘ ਅਤੇ ਡਾਕਟਰੀ ਅਮਲਾ ਮੌਜੂਦ ਸੀ।

# ਕਾਲਾਬੂਲਾ ਨੇ ਰੱਤੋਕੇ ਨੂੰ ਪੀਏਸੀ ਮੈਂਬਰ ਬਣਨ ਤੇ ਦਿੱਤੀ ਮੁਬਾਰਕਬਾਦ, ਹਾਈ ਕਮਾਂਡ ਦਾ ਕੀਤਾ ਧੰਨਵਾਦ



**ਧੂਰੀ (ਰਣਜੀਤ ਸਿੰਘ ਪੇਧਨੀ)** ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਕੌਮੀ ਪ੍ਰਧਾਨ ਸ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਪਾਰਟੀ ਨੂੰ ਮਜਬੂਤ ਕਰਨ ਲਈ ਵੱਖ ਵੱਖ ਵਿਆਕਤੀਆ ਨੂੰ ਪੋਲਿਟਿਕਲ ਅਫੇਅਰਜ਼ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਇਸੇ ਹੀ ਤਹਿਤ ਯੂਥ ਵਿੰਗ ਦੇ ਜਿਲਾ ਪ੍ਰਧਾਨ ਸਤਿਨਾਮ ਸਿੰਘ ਰੱਤੋਕੇ ਨੂੰ ਪੀਏਸੀ ਮੈਂਬਰ ਬਣਨ ਤੇ ਮੁਬਾਰਕਬਾਦ ਦਿੰਦਿਆਂ ਜਿਲ੍ਹਾ ਪ੍ਰਧਾਨ ਜਿਲ੍ਹਾ ਮੀਤ ਪ੍ਰਧਾਨ ਨਰਿੰਦਰ ਸਿੰਘ ਕਾਲਾਬੂਲਾ ਨੇ ਕਿਹਾ ਕਿ ਸਤਿਨਾਮ ਸਿੰਘ ਰੱਤੋਕੇ ਲੰਬੇ ਸਮੇਂ ਤੋਂ ਪਾਰਟੀ ਦੀਆਂ ਨੀਤੀਆਂ ਅਤੇ ਲੋਕ-ਹਿਤ ਮਾਮਲਿਆਂ ਲਈ ਨਿਰੰਤਰ ਕੰਮ ਕਰਦੇ ਆ ਰਹੇ ਹਨ। ਉਨ੍ਹਾਂ ਰੱਤੋਕੇ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈਆਂ ਦਿੱਤੀਆਂ ਅਤੇ ਉਮੀਦ ਜਤਾਈ ਗਈ ਕਿ ਉਹ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਉੱਚ ਪੱਧਰ ਤੇ ਉਠਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਉਨ੍ਹਾਂ ਕਿਹਾ ਰੱਤੋਕੇ ਨੂੰ ਪੀਏਸੀ ਮੈਂਬਰ ਬਣਾਉਣ ਤੇ ਉਹ ਪਾਰਟੀ ਪ੍ਰਧਾਨ ਸ ਸਿਮਰਨਜੀਤ ਸਿੰਘ ਮਾਨ ਅਤੇ ਪੂਰੀ ਸਮੁੱਚੀ ਆਈ ਕਮਾਂਡ ਦਾ ਦਿਲ ਦੀਆਂ ਗਹਿਰਾਈਆਂ ਚ ਧੰਨਵਾਦ ਕਰਦੇ ਹਨ ਜਿਨਾਂ ਨੇ ਰੱਤੋਕੇ ਦੀ ਮਿਹਨਤ ਨੂੰ ਦੇਖਦਿਆਂ ਹੋਇਆਂ ਸੇਵਾ ਕਰਨ ਦਾ ਮੌਕਾ ਦਿੱਤਾ ਹੈ।

# ਸਿਹਤ ਵਿਭਾਗ ਵਲੋਂ ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਐਡਵਾਈਜਰੀ ਜਾਰੀ

## ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਸਿਹਤ ਸੰਭਾਲ ਜਰੂਰੀ ਹੈ : ਡਾ ਸਤਿੰਦਰਜੀਤ ਸਿੰਘ ਬਜਾਜ



**ਚੌਂਕ ਮਹਿਤਾ, 21 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਸਿਵਲ ਸਰਜਨ ਅੰਮ੍ਰਿਤਸਰ ਡਾ ਸਤਿੰਦਰਜੀਤ ਸਿੰਘ ਬਜਾਜ ਨੇ ਵੱਧ ਰਹੀ ਗਰਮੀ ਦੇ ਸੰਬੰਧ ਵਿੱਚ ਲੋਕਾਂ ਨੂੰ ਜਾਗਰੂਕ ਕਰਦਿਆਂ ਦੱਸਿਆ ਕਿ ਗਰਮੀ ਦ ਦੇ ਚੱਲਦਿਆਂ ਲੋਕਾਂ ਨੂੰ ਸਾਵਧਾਨ ਰਹਿਣ ਦੀ ਜਰੂਰਤ ਹੈ। ਗਰਮੀ ਅਤੇ ਲੂ ਤੋਂ ਪ੍ਰਭਾਵਿਤ ਹੋਣ ਨਾਲ ਡੀ ਹਾਈਡ੍ਰੇਸ਼ਨ, ਹੀਟ ਸਟ੍ਰੋਕ, ਬੁਖਾਰ, ਸਿਰਦਰਦ, ਉਲਟੀ, ਡਾਈਰੀਆ ਅਤੇ ਹੋਰ ਬਹੁਤ ਸਾਰੀਆਂ ਸਮੱਸਿਆਵਾਂ ਹੋ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਖਾਸ ਕਰਕੇ ਬਜੁਰਗਾਂ, ਬੱਚਿਆਂ ਅਤੇ ਪਹਿਲਾਂ ਤੋਂ ਹੀ ਕਿਸੀ ਬੀਮਾਰੀ ਨਾਲ ਪੀੜਤ ਲੋਕਾਂ ਨੂੰ ਇਸ ਮੌਸਮ ਵਿੱਚ ਵਿਸ਼ੇਸ਼ ਧਿਆਨ ਰੱਖਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਮੌਸਮ ਵਿੱਚ ਥਕਾਵਟ, ਬੁਖਾਰ, ਉਲਟੀਆਂ, ਦਿਲ ਦੀ ਧੜਕਣ ਤੇਜ ਹੋਣ ਆਦਿ ਦੇ ਲੱਛਣ ਪ੍ਰਗਟ ਹੋ ਸਕਦੇ ਹਨ। ਅਜਿਹੇ ਹਾਲਾਤਾਂ ਵਿਚ ਲੋਕ ਸੈਲਫ ਮੈਡੀਕੇਸ਼ਨ ਤੋਂ ਬਚਣ ਅਤੇ ਕਿਸੇ ਵੀ ਤਰ੍ਹਾਂ ਦੇ ਲੱਛਣ ਪ੍ਰਗਟ ਹੋਣ ਤੇ ਨੇੜੇ ਦੇ ਸਰਕਾਰੀ ਸਿਹਤ ਕੇਂਦਰਾਂ ਦੇ ਮਾਹਰ ਡਾਕਟਰਾਂ ਨਾਲ ਸੰਪਰਕ ਕਰਨ। ਉਹਨਾਂ ਲੋਕਾਂ ਨੂ ਅਪੀਲ ਕੀਤੀ ਕਿ ਲੂ ਅਤੇ ਗਰਮੀ ਤੋਂ ਬਚਣ ਲਈ ਤਰਲ ਪਦਾਰਥ ਜਿਵੇਂ ਨੀਂਬੂ ਪਾਣੀ, ਲੱਸੀ, ਨਾਰੀਅਲ ਪਾਣੀ ਅਤੇ ਓ.ਆਰ.ਐਸ ਦਾ ਘੋਲ ਆਦਿ ਦਾ ਵੱਧ ਤੋਂ ਵੱਧ ਇਸਤੇਮਾਲ ਕੀਤਾ ਜਾਵੇ, ਬਾਹਰ ਜਾਣ ਤੋਂ ਪਹਿਲਾਂ ਸ਼ਰੀਰ ਨੂੰ ਪੂਰੀ ਤਰ੍ਹਾਂ ਢੱਕਿਆ ਜਾਵੇ, ਸੂਤੀ ਅਤੇ ਹਲਕੇ ਰੰਗਾਂ ਦੇ ਕਪੜੇ ਪਹਿਨੇ ਜਾਣ, ਸੰਤੁਲਤ ਤੇ ਘਰ ਦਾ ਬਣਿਆ ਭੋਜਨ ਖਾਧਾ ਜਾਵੇ, ਧੁੱਪ ਵਿੱਚ ਬਾਹਰ ਜਾਣ ਤੋਂ ਗੁਰੇਜ ਕੀਤਾ ਜਾਵੇ, ਆਸ ਪਾਸ ਦੀ ਸਾਫ ਸਫਾਈ ਦਾ ਖਾਸ ਧਿਆਨ ਰੱਖਿਆ ਜਾਵੇ। ਇਸ ਅਵਸਰ ਤੇ ਜਿਲ੍ਹਾ ਸਿਹਤ ਅਫ਼ਸਰ ਜਸਪਾਲ ਸਿੰਘ, ਜਿਲਾ੍ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਅਤੇ ਜਿਲਾ੍ ਐਮ.ਈ.ਆਈ.ਓ. ਅਮਰਦੀਪ ਸਿੰਘ ਹਾਜਰ ਸਨ।

# ਬੇਅਦਬੀਆਂ 'ਤੇ ਸਖਤ ਕਾਨੂੰਨ ਬਣਾਉਣਾ ਪੰਜਾਬ ਸਰਕਾਰ ਦਾ ਇਤਿਹਾਸਿਕ ਫੈਸਲਾ : ਚੇਅਰਮੈਨ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**--13 ਅਪ੍ਰੈਲ ਨੂੰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵਿਧਾਨ ਸਭਾ ਦਾ ਸਪੈਸ਼ਲ ਸੈਸ਼ਨ ਸੱਦ ਕੇ ਬੇਅਦਬੀਆ ਤੇ ਸਖਤ ਕਾਨੂੰਨ ਬਣਾਇਆ ਉਸ ਤੇ ਮਾਨਯੋਗ ਗਵਰਨਰ ਸਾਹਿਬ ਵੱਲੋਂ ਵੀ ਸਾਈਨ ਕਰ ਦਿੱਤੇ ਗਏ ਹਨ, ਹੁਣ ਇਹ ਕਾਨੂੰਨ ਲਾਗੂ ਹੋ ਗਿਆ ਮਾਨ ਸਰਕਾਰ ਦਾ ਇਹ ਫੈਸਲਾ ਸ਼ਲਾਘਾਯੋਗ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਚੇਅਰਮੈਨ ਰਣਜੋਧ ਸਿੰਘ ਕਾਂਝਲਾ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕੋਈ ਵੀ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਜਗ ਦੀ ਜੋਤ ਦੀ ਬੇਅਬਦੀ ਕਰਨ ਦੀ ਕੋਸ਼ਿਸ਼ ਕਰੇਗਾ ਉਸ ਨੂੰ ਬਹੁਤ ਸਖਤ ਸਜ਼ਾਵਾਂ ਦੇਣ ਦਾ ਸਖਤ ਫੈਸਲਾ ਲਿਆ ਗਿਆ ਹੈ ਆਸ ਕਰਦੇ ਹਾ ਕਿ ਜਿਹੜਾ ਕਾਨੂੰਨ ਬਣਾਇਆ ਗਿਆ ਹੈ ਇਹ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਵਿੱਚ ਸਹਾਈ ਹੋਏਗਾ ਕਿਉਂਕਿ ਹਰ ਇੱਕ ਨੂੰ ਹੁਣ ਪਤਾ ਹੈ ਕਿ ਜੇ ਕੋਈ ਇਦਾਂ ਦਾ ਉਸਤੇ ਬਹੁਤ ਵੱਡੀ ਕਾਨੂੰਨੀ ਕਾਰਵਾਈ ਗਲਤ ਕਾਰਨਾਮਾ ਕਰਨ ਦੀ ਕੋਸ਼ਿਸ਼ ਕਰੇਗਾ ਕੀਤੀ ਜਾਏਗੀ। ਉਨ੍ਹਾਂ ਕਿਹਾ ਕਿ ਪਿਛਲੇ 70 ਸਾਲਾ ਤੋਂ ਅਕਾਲੀ ਬੀਜੇਪੀ ਕਾਂਗਰਸ ਦੀ ਸਰਕਾਰਾਂ ਰਹੀਆਂ ਨੇ ਕਿਸੇ ਨੇ ਇਸ ਬਾਰੇ ਨਹੀ ਸੋਚਿਆ ਅਕਾਲੀ ਜੋ ਧਰਮ ਦੇ ਨਾਂ ਤੇ ਵੋਟਾਂ ਬਟੋਰਦੇ ਰਹੇ ਨੇ ਉਹਨਾਂ ਨੇ ਇਹ ਕਾਨੂੰਨ ਨਹੀ ਬਣਾਇਆ ਇਹ ਕਾਨੂੰਨ ਅੱਜ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬਣਾਇਆ ਅਤੇ ਲੋਕ ਇਸ ਤੋਂ ਬਹੁਤ ਜਿਆਦਾ ਖੁਸ਼ ਹਨ। ਉਨ੍ਹਾਂ ਕਿਹਾ ਕਿ ਉਹ ਵਾਹਿਗੁਰੂ ਦਾ ਸ਼ੁਕਰ ਕਰ ਰਹੇ ਨੇ ਕਿ ਕੋਈ ਸਰਕਾਰ ਆਈ ਹੈ ਜਿਸ ਨੇ ਐਡਾ ਸਖਤ ਕਾਨੂੰਨ ਬਣਾ ਕੇ ਸਾਡੀ ਸਾਰਿਆਂ ਦੀ ਜਗਦੀ ਜੋਤ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਵਿੱਚ ਕਦਮ ਪੁੱਟਿਆ ਪੂਰੀ ਦੁਨੀਆ ਵਿੱਚ ਵੱਸਦੇ ਸਾਰੇ ਖਾਲਸਾ ਪੰਥ ਵਿੱਚ ਪੂਰੀ ਲੁਕਾਈ ਵਿੱਚ ਸਾਰੇ ਨਾਨਕ ਨਾਮ ਲੇਵਾ ਸੰਗਤਾ ਵਿੱਚ ਸਾਰੇ ਪੰਜਾਬ ਵਿੱਚ ਇਸ ਗੱਲ ਦੀ ਬਹੁਤ ਜਿਆਦਾ ਪ੍ਰਸ਼ੰਸਾ ਹੋ ਰਹੀ ਹੈ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ : +447458381111 +447976210161 +919729091243

ਪੰਜਾਬੀ ਯੂਨੀਵਰਸਿਟੀ ਦੇ ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਤਲਵੰਡੀ ਸਾਬੋ ਵੱਲੋਂ

# ਇੰਟੈਲੀਜੈਂਟ ਕੋਡਿੰਗ ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ



**ਤਲਵੰਡੀ ਸਾਬੋ, 21 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਪੰਜਾਬੀ ਯੂਨੀਵਰਸਿਟੀ ਕੈਂਪਸ, ਤਲਵੰਡੀ ਸਾਬੋ ਵਿਖੇ ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਦੇ ਪਲੇਸਮੈਂਟ ਕਲੱਬ ਅਤੇ ਪੋਸਟ ਗ੍ਰੈਜੂਏਟ ਕਲੱਬ ਦੇ ਸਾਂਝੇ ਯਤਨਾਂ ਸਦਕਾ ਵਿਭਾਗ ਦੇ ਵੱਖ-ਵੱਖ ਤਕਨੀਕੀ ਕੋਰਸਾਂ ਨਾਲ ਸੰਬੰਧਿਤ ਵਿਦਿਆਰਥੀਆਂ ਲਈ 'ਇੰਟੈਲੀਜੈਂਟ ਕੋਡਿੰਗ' ਵਿਸ਼ੇ 'ਤੇ ਇੱਕ ਮਹੱਤਵਪੂਰਨ ਸੈਮੀਨਾਰ ਆਯੋਜਿਤ ਕੀਤਾ ਗਿਆ। ਸੈਂਟਰਲ ਯੂਨੀਵਰਸਿਟੀ ਪੰਜਾਬ ਤੋਂ ਡਾ. ਅਮਨਦੀਪ ਕੌਰ, ਪ੍ਰੋਫੈਸਰ, ਕੰਪਿਊਟਰ ਸਾਇੰਸ ਅਤੇ ਟੈਕਨੋਲੋਜੀ ਵਿਭਾਗ ਨੇ ਇਸ ਸੈਮੀਨਾਰ ਵਿੱਚ ਇੱਕ ਵਿਸ਼ਾ ਮਾਹਿਰ ਵਜੋਂ ਸ਼ਿਰਕਤ ਕੀਤੀ। ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਪ੍ਰੋ. ਨਵਦੀਪ ਗੋਇਲ ਵੱਲੋਂ ਮੁੱਖ ਮਹਿਮਾਨ ਡਾ. ਅਮਨਦੀਪ ਕੌਰ ਦਾ ਸਵਾਗਤ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਨਵੀਆਂ ਤਕਨੀਕਾਂ ਬਾਰੇ ਜਾਣਕਾਰੀ ਪ੍ਰਾਪਤ ਕਰਨ ਲਈ ਇਸ ਤਰ੍ਹਾਂ ਦੇ ਸੈਮੀਨਾਰਾਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ। ਆਪਣੀ ਰਸਮੀ ਗੱਲਬਾਤ ਦੌਰਾਨ ਡਾ. ਅਮਨਦੀਪ ਕੌਰ ਵੱਲੋਂ ਵਿਦਿਆਰਥੀਆਂ ਨੂੰ ਮੌਜੂਦਾ ਸਮੇਂ ਵਿੱਚ ਵੱਖ-ਵੱਖ ਕੰਪਿਊਟਰ ਪ੍ਰੋਗਰਾਮਾਂ ਦੀ ਕੋਡਿੰਗ ਲਈ ਆਰਟੀਫੀਸ਼ਲ ਇੰਟੈਲੀਜੈਂਸ ਦੇ ਵੱਖ-ਵੱਖ ਸੰਸਕਰਣਾਂ ਦੀ ਵਰਤੋਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਇਸ ਤਕਨੀਕ ਦੇ ਲਾਭਾਂ, ਇਸ ਨਾਲ ਜੁੜੇ ਨੈਤਿਕ ਮੁੱਦਿਆਂ ਅਤੇ ਲਾਗੂ ਅਨੁਸ਼ਾਸਨਾਂ ਬਾਰੇ ਵੀ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਵੱਲੋਂ ਆਪਣੇ ਸੁਨੇਹੇ ਰਾਹੀਂ ਵਿਭਾਗ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਗਈ ਅਤੇ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਸੈਸ਼ਨ ਦੀ ਕਾਰਵਾਈ ਡਾ. ਸੁਮੀਤ ਕੌਰ ਵੱਲੋਂ ਸੁਚੱਜੇ ਢੰਗ ਨਾਲ ਚਲਾਈ ਗਈ। ਸੈਮੀਨਾਰ ਦੇ ਅੰਤ ਵਿੱਚ ਪ੍ਰੋਫੈਸਰ ਬਲਰਾਜ ਸਿੰਘ ਬਰਾੜ, ਇੰਚਾਰਜ ਪਲੇਸਮੈਂਟ ਕਲੱਬ ਅਤੇ ਪ੍ਰੋਫੈਸਰ ਸਿੰਪਲ ਜਿੰਦਲ, ਇੰਚਾਰਜ ਪੋਸਟ ਗ੍ਰੈਜੂਏਟ ਕਲੱਬ ਵੱਲੋਂ ਮੁੱਖ ਮਹਿਮਾਨ ਡਾ. ਅਮਨਦੀਪ ਕੌਰ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਵਿਭਾਗ ਦੇ ਫੈਕਲਟੀ ਮੈਂਬਰਾਂ, ਸਟਾਫ ਅਤੇ ਵਿਦਿਆਰਥੀਆਂ ਦੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਦਰਜ ਕੀਤੀ ਗਈ।

# ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਦੀ ਹੋਈ ਮੀਟਿੰਗ



ਫ਼ਿਰੋਜ਼ਪੁਰ, 21 ਅਪ੍ਰੈਲ (ਮਨੋਹਰ ਲਾਲ) :— ਪੰਜਾਬ ਦੇ ਹਰਿਆਵਲ ਦਸਤੇ ਵਜੋਂ ਜਾਣੀ ਜਾਂਦੀ ਜਥੇਬੰਦੀ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਪੰਜਾਬ ਦੀ ਮੀਟਿੰਗ ਗੁਰੂਦਵਾਰਾ ਵਿਸ਼ਵਕਰਮਾ ਮੋਜ਼ਦੀਨ ਰੋਡ ਜੀਰਾ ਵਿਖੇ ਹੋਈ ਜਿਸ ਵਿਚ ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ ਨੇ ਸਾਥੀਆਂ ਸਮੇਤ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਵਿਚਾਰ ਸਾਂਝੇ ਕਰਦਿਆਂ ਹਰਭਜਨ ਸਿੰਘ ਦੜਿਆਲਾ ਨੇ ਦੱਸਿਆ ਕਿ ਪੰਜਾਬ ਦੇ ਸਾਰੇ ਸ਼ਹਿਰਾਂ ਵਿੱਚ ਜਾ ਕੇ ਸੋਸਾਇਟੀ ਦੇ ਪਸਾਰ ਲਈ ਯਤਨਸ਼ੀਲ ਰਹਾਂਗੇ। ਇਸ ਮੌਕੇ ਸੰਤੋਖ ਸਿੰਘ ਖੋਸਾ ਨੂੰ ਸੀਨੀਅਰ ਵਾਈਸ ਪ੍ਰਧਾਨ ਪੰਜਾਬ ਥਾਪਿਆ ਗਿਆ ਸੰਤੋਖ ਸਿੰਘ ਖੋਸਾ ਨੇ ਕੌਮੀ ਸੀਨੀਅਰ ਲੀਡਰ ਸੀਪ ਦਾ ਦਿਲੋਂ ਧੰਨਵਾਦ ਕਰਦੇ ਹੋਏ ਜੀ ਆਇਆਂ ਨੂੰ ਆਖਿਆ ਅਤੇ ਸੁਚੱਜੇ ਢੰਗ ਨਾਲ ਆਉ ਭਗਤ ਕੀਤੀ। ਇਸ ਮੌਕੇ ਗੁਰਸੇਵਕ ਸਿੰਘ ਨੇ ਵਿਸ਼ਵਾਸ ਦਿਵਾਉਂਦੇ ਹੋਏ ਦੱਸਿਆ ਕਿ ਜੀਰਾ ਸ਼ਹਿਰ ਦੀ ਸਾਰੀ ਟੀਮ ਤੁਹਾਡੇ ਨਾਲ ਤਨ ਦੇਹੀ ਨਾਲ ਖੜੀ ਹੈ ਅਤੇ ਸੁਸਾਇਟੀ ਦਾ ਪਸਾਰ ਲਈ ਵਚਨਬੰਦ ਹਾਂ। ਮੀਟਿੰਗ ਵਿੱਚ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ, ਮੇਹਰ ਸਿੰਘ ਕਲਸੀ, ਸੁਖਮਿੰਦਰ ਸਿੰਘ ਰਾਮਗੜ੍ਹੀਆ, ਸਤਨਾਮ ਸਿੰਘ ਹਰਿਆਣ, ਦਰਸ਼ਨ ਸਿੰਘ ਠੇਕੇਦਾਰ, ਸੁਖਵਿੰਦਰ ਸਿੰਘ ਵਕੀਲਾਂ ਵਾਲੀ, ਸ਼ਮਸ਼ੇਰ ਸਿੰਘ ਦਿੱਲੀ ਵਾਲੇ, ਰਮਨ ਕੁਮਾਰ ਛਾਬੜਾ, ਮੁਖਤਿਆਰ ਸਿੰਘ, ਲਖਵੀਰ ਸਿੰਘ ਬਾਡੀ ਮੇਕਰ, ਸੰਜੀਵ ਕੁਮਾਰ ਸ਼ਰਮਾ, ਸੁਖਮੰਦਰ ਸਿੰਘ ਮਨੂਕ, ਪਰਮਜੀਤ ਸਿੰਘ ਠੇਕੇਦਾਰ, ਬਲਦੇਵ ਸਿੰਘ, ਲਖਵੀਰ ਸਿੰਘ ਜੋਧਪੁਰੀਆ, ਜਸਵਿੰਦਰ ਸਿੰਘ ਜੋਧਪੁਰੀਆ, ਮਨੀ ਸਿੰਘ ਸੋ ਮੇਕਰ ਵੀ ਹਾਜਰ ਸਨ।

# ਮੰਗਾਂ ਨੂੰ ਲੈ ਕੇ ਜੀ.ਏ ਫ਼ਿਰੋਜ਼ਪੁਰ ਨੂੰ ਮਿਲਿਆ ਫਰੀਡਮ ਫਾਈਟਰ ਉੱਤਰਾਧਿਕਾਰੀ ਸੰਸਥਾ ਦਾ ਵਫਦ



ਫ਼ਿਰੋਜ਼ਪੁਰ, 21 ਅਪ੍ਰੈਲ (ਮਨੋਹਰ ਲਾਲ) :— ਦੇਸ਼ ਲਈ ਆਪਾ ਵਾਰਨ ਵਾਲੇ ਸ਼ਹੀਦਾਂ ਨੂੰ ਬਣਦਾ ਮਾਨ—ਸਨਮਾਨ ਦੇਣ ਅਤੇ ਸ਼ਹੀਦਾਂ ਦੀ ਯਾਦ ਵਿਚ ਉਨ੍ਹਾਂ ਦੀਆਂ ਫੋਟੋਆਂ ਲਗਾਉਣ ਦੀ ਵਕਾਲਤ ਕਰਦੀ ਆ ਰਹੀ ਫਰੀਡਮ ਫਾਈਟਰ ਉੱਤਰਾਧਿਕਾਰੀ ਸੰਸਥਾ ਦੇ ਇਕ ਵਫਦ ਦੀ ਮੀਟਿੰਗ ਜੀ.ਏ ਫ਼ਿਰੋਜ਼ਪੁਰ ਨਾਲ ਹੋਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਉਨ੍ਹਾਂ ਦੀਆਂ ਮੰਗਾਂ ਜਿਵੇਂ ਦਫਤਰ ਬਣਾਉਣ ਲਈ ਇਕ ਕਮਰਾ ਦੇਣਾ ਸੀ ਅਤੇ ਦੇਸ਼ ਭਗਤ ਦੀਆਂ ਫੋਟੋਆਂ ਵੀ ਗੈਲਰੀ ਦੇ ਵਿੱਚ ਲਾਉਣੀਆਂ ਸਨ। ਉਨ੍ਹਾਂ ਕਿਹਾ ਕਿ 75 ਸਾਲ ਤੋਂ ਵੀ ਵੱਧ ਸਮਾਂ ਹੋ ਗਿਆ ਦੇਸ਼ ਅਜ਼ਾਦ ਹੋਏ ਨੂੰ ਪਰ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਦੇ 23 ਮਾਰਚ ਦੇ ਸ਼ਹਿਰੀ ਦਿਹਾੜੇ ਤੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਜਿਹੜੇ ਦੇਸ਼ ਭਗਤ ਨੇ ਫਰੀਡਮ ਫਾਈਟਰ ਨੇ ਉਨ੍ਹਾਂ ਨੇ ਬੇਨਤੀ ਕੀਤੀ ਸੀ ਕਿ ਸਾਨੂੰ ਚਿੱਠੀ ਪਤਰ ਪਹੁੰਚਾਇਆ ਜਾਵੇ ਪਰ ਹੋਇਆ ਕੀ 23 ਮਾਰਚ ਟੱਪ ਗਈ ਪਰ ਕੋਈ ਵੀ ਚਿੱਠੀ ਪੱਤਰ ਨਹੀਂ ਆਇਆ। ਉਨ੍ਹਾਂ ਕਿਹਾ ਕਿ 17 ਅਪ੍ਰੈਲ 2026 ਵੀ ਲੰਘ ਗਈ ਅੱਜ ਜਦੋਂ ਐਮ.ਏ ਬਰਾਂਚ ਮਿਲੇ ਤਾਂ ਕੋਈ ਸਾਨੂੰ ਠੋਸ ਜਵਾਬ ਨਹੀਂ ਮਿਲਿਆ ਫੇਰ ਉਸ ਤੋਂ ਬਾਦ ਅਸੀਂ ਐਸ.ਡੀ.ਐਮ ਸਾਹਿਬ ਅਭਿਸ਼ੇਕ ਸ਼ਰਮਾ ਨੂੰ ਮਿਲੇ ਅਤੇ ਉਨ੍ਹਾਂ ਕੋਲ ਜੀ.ਏ ਸਾਹਿਬ ਦਾ ਵੀ ਚਾਰਜ ਹੈ ਅਤੇ ਉਨ੍ਹਾਂ ਨੇ ਭਰੋਸਾ ਦਵਾਇਆ ਕਿ ਇਹ ਸੀਰੀਅਸ ਮੈਟਰ ਹੈ, ਇਸ ਦੀ ਮੈਂ ਪੂਰੀ ਜਾਂਚ ਕਰਾਵਾਂਗਾ ਅਤੇ ਸਾਨੂੰ ਭਰੋਸਾ ਦਿੱਤਾ ਗਿਆ ਇਸ ਦੀ ਪੂਰੀ ਜਾਂਚ ਹੋਵੇਗੀ। ਇਸ ਮੌਕੇ ਸੰਸਥਾ ਦੇ ਪੰਜ ਮੈਂਬਰੀ ਕਮੇਟੀ ਜਿਸ ਵਿੱਚ ਪੰਜਾਬ ਦੇ ਮੀਤ ਪ੍ਰਧਾਨ ਦਰਸ਼ਨ ਸਿੰਘ ਸੋਢੇ ਵਾਲਾ ਜ਼ਿਲ੍ਹਾ ਪ੍ਰਧਾਨ ਪ੍ਰਵੀਨ ਕੁਮਾਰ ਜਿੰਦਲ, ਕਾਰਜ ਸਿੰਘ ਆਸਲ ਹਰਿ ਸਿੰਘ ਰੱਤਾ ਖੇੜਾ ਅਤੇ ਜੋਨ ਇੰਚਾਰਜ ਸਿੰਘ ਮਿੱਡਾ ਨੇ ਕਿਹਾ ਕਿ ਅਸੀਂ ਆਸ ਕਰਦੇ ਹਾਂ ਕਿ ਅੱਗੇ ਤੋਂ ਇਹੋ ਜਿਹੀ ਅਣਗਹਿਲੀ ਨਹੀਂ ਹੋਵੇਗੀ।

# ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ (ਰਜਿ.), ਅੰਮ੍ਰਿਤਸਰ ਦੀ ਸਲਾਨਾ ਮੀਟਿੰਗ ਦੌਰਾਨ ਨਵੀਂ ਕਾਰਜਕਾਰੀ ਕਮੇਟੀ ਦਾ ਐਲਾਨ

## ਕਾਬਲ ਸਿੰਘ ਲਾਲੀ ਔਲਖ ਵਾਈਸ ਚੇਅਰਮੈਨ ਨਿਯੁਕਤ



ਚੌਕ ਮਹਿਤਾ, 21 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)-ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ (ਰਜਿ.) ਦੀ ਸਲਾਨਾ ਮੀਟਿੰਗ ਦੌਰਾਨ ਅਕੈਡਮੀ ਦੇ ਚੇਅਰਮੈਨ ਡਾ. ਅਵਤਾਰ ਸਿੰਘ (ਅਮਨਦੀਪ ਹਸਪਤਾਲ) ਅਤੇ ਡਾਇਰੈਕਟਰ ਬਲਵਿੰਦਰ ਸਿੰਘ ਸ਼ੰਮੀ (ਹਾਕੀ ਓਲੰਪੀਅਨ) ਵੱਲੋਂ ਸਾਂਝੇ ਤੌਰ 'ਤੇ ਅਹਿਮ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਅਕੈਡਮੀ ਦੇ ਸੁਚਾਰੂ ਪ੍ਰਬੰਧਨ ਅਤੇ ਹਾਕੀ ਦੇ ਵਿਕਾਸ ਨੂੰ ਮੱਦੇਨਜ਼ਰ ਰੱਖਦਿਆਂ ਨਵੀਂ ਕਾਰਜਕਾਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਸ ਤਹਿਤ ਕਾਬਲ ਸਿੰਘ ਲਾਲੀ ਔਲਖ ਨੂੰ ਵਾਈਸ ਚੇਅਰਮੈਨ, ਬਿਕਰਮਜੀਤ ਸਿੰਘ ਕਾਕਾ (ਇੰਟਰਨੈਸ਼ਨਲ ਹਾਕੀ ਖਿਡਾਰੀ, ਰੇਲਵੇ) ਨੂੰ ਜਨਰਲ ਸੈਕਟਰੀ, ਜਗਰੂਪ ਸਿੰਘ (ਰੇਲਵੇ) ਨੂੰ ਖਜਾਨਚੀ, ਰਵੀਸ਼ੇਰ ਸਿੰਘ ਸੰਧੂ ਨੂੰ ਜੁਆਇੰਟ ਸੈਕਟਰੀ ਅਤੇ ਪਰਸਨ ਸਿੰਘ (ਰੇਲਵੇ) ਅਤੇ ਜਸਵਿੰਦਰ ਸਿੰਘ (ਹੈਪੀ) ਨੂੰ ਕਾਰਜਕਾਰੀ ਮੈਂਬਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ 'ਤੇ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਇਹ ਚੋਣ ਅਕੈਡਮੀ ਦੇ ਮੈਂਬਰਾਂ ਦੇ ਸਹਿਯੋਗ ਨਾਲ ਕੀਤੀ ਗਈ ਹੈ, ਜਿਨ੍ਹਾਂ ਵਿੱਚ ਸੁਖਮਿੰਦਰ ਸਿੰਘ ਮਾਨ (ਆਈਪੀਐਸ), ਪ੍ਰਧਾਨ ਸਾਹਿਲਜੀਤ ਸਿੰਘ ਸੰਧੂ, ਡਾ. ਕੀਰਤ ਸੰਧੂ ਚੀਮਾ, ਸੁਖਜੀਤ ਕੌਰ ਸ਼ੰਮੀ ਅਤੇ ਕੁਲਜੀਤ ਸਿੰਘ ਬਮਰਾਹ (ਬਾਬਾ) ਸ਼ਾਮਲ ਹਨ। ਮੀਟਿੰਗ ਦੌਰਾਨ ਇਹ ਗੱਲ ਉਜਾਗਰ ਕੀਤੀ ਗਈ ਕਿ ਅਕੈਡਮੀ ਨੂੰ ਦੁਬਾਰਾ ਸ਼ੁਰੂ ਕਰਨ ਦਾ ਮੁੱਖ ਉਦੇਸ਼ ਨੌਜਵਾਨ ਖਿਡਾਰੀਆਂ, ਖਾਸ ਕਰਕੇ ਲੜਕਿਆਂ ਨੂੰ ਹਾਕੀ ਵਿੱਚ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨਾ ਅਤੇ ਖੇਡ ਨੂੰ ਨਵੀਆਂ ਉਚਾਈਆਂ 'ਤੇ ਲੈ ਕੇ ਜਾਣਾ ਹੈ। ਅਕੈਡਮੀ ਵੱਲੋਂ ਆਉਣ ਵਾਲੇ ਸਮੇਂ ਵਿੱਚ ਖਿਡਾਰੀਆਂ ਲਈ ਬਿਹਤਰ ਟ੍ਰੇਨਿੰਗ, ਟੈਲੈਂਟ ਡਿਵੈਲਪਮੈਂਟ ਅਤੇ ਉੱਚ ਪੱਧਰੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਯੋਜਨਾਵਾਂ ਤਿਆਰ ਕੀਤੀਆਂ ਜਾ ਰਹੀਆਂ ਹਨ। ਅਕੈਡਮੀ ਪ੍ਰਬੰਧਕਾਂ ਨੇ ਵਿਸ਼ਵਾਸ ਜਤਾਇਆ ਕਿ ਨਵੀਂ ਕਾਰਜਕਾਰੀ ਕਮੇਟੀ ਦੇ ਇਹ ਉਪਰਾਲੇ ਇਲਾਕੇ ਵਿੱਚ ਹਾਕੀ ਨੂੰ ਨਵੀਂ ਦਿਸ਼ਾ ਦੇਣ ਵਿੱਚ ਮਹੱਤਵਪੂਰਨ ਸਾਬਤ ਹੋਣਗੇ।

# ਨਗਰ ਕੌਂਸਲ ਚੋਣਾਂ ਚ ਕਾਂਗਰਸ ਸਾਰੀਆਂ ਸੀਟਾਂ 'ਤੇ ਉਮੀਦਵਾਰ ਖੜੇ ਕਰਾਂਗੀ - ਸ਼ੁਭਮ ਸ਼ਰਮਾ



**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਅੰਦਰ ਹੋਣ ਜਾ ਰਹੀਆ ਨਗਰ ਕੌਂਸਲ ਚੋਣਾਂ ਵਿੱਚ ਕਾਂਗਰਸ ਪਾਰਟੀ ਸਰਗਰਮ ਹੁੰਦੀ ਦਿਖਾਈ ਦੇ ਰਹੀ ਹੈ। ਇਨ੍ਹਾਂ ਚੋਣਾਂ ਵਿੱਚ ਧੂਰੀ ਦੇ 21 ਵਾਰਡਾਂ ਵਿੱਚ ਅਪਣੇ ਉਮੀਦਵਾਰ ਖੜੇ ਕਰਨ ਸੰਬੰਧੀ ਹੰਗਾਮੀ ਮੀਟਿੰਗ ਪੰਜਾਬ ਯੂਥ ਕਾਂਗਰਸ ਦੇ ਜਰਨਲ ਸਕੱਤਰ ਸੁਭਮ ਸ਼ਰਮਾ ਵੱਲੋਂ ਕੀਤੀ ਗਈ। ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਪਣੀ ਨਿੱਜੀ ਲਾਭ ਲਈ ਅਗਲੇ ਮਈ ਦੇ ਮਹੀਨੇ ਵਿੱਚ ਇਨ੍ਹਾਂ ਚੋਣਾ ਨੂੰ ਕਰਵਾਉਣ ਜਾ ਰਹੀ ਇਸ ਸਬੰਧੀ ਉਨ੍ਹਾਂ ਵੱਲੋਂ ਅੰਦਰ ਖਾਤੇ ਤਿਆਰੀ ਖਿੱਚ ਰੱਖੀ ਹੈ ਪਰ ਇਨ੍ਹਾਂ ਨਗਰ ਕੌਂਸਲ ਚੋਣਾਂ ਵਿੱਚ ਕਾਂਗਰਸ ਪਾਰਟੀ ਸਾਰੇ ਵਾਰਡਾਂ ਵਿੱਚ ਅਪਣੇ ਜੈਤੂ ਉਮੀਦਵਾਰ ਖੜ੍ਹੇ ਕਰਨ ਜਾ ਰਹੀ। ਉਨ੍ਹਾਂ ਕਿਹਾ ਇਨ੍ਹਾਂ ਚੋਣਾਂ ਵਿੱਚ ਕਿਸੇ ਕੀਮਤ ਤੇ ਕਿਸੇ ਨਾਲ ਧੱਕੇਸ਼ਾਹੀ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਹਰ ਵਾਰਡ ਵਿੱਚ ਕਾਂਗਰਸ ਪਾਰਟੀ ਗਿਆਰਾ ਮੈਬਰੀ ਟੀਮ ਬਣਾ ਰਹੀ ਹੈ ਜ਼ੋ ਧੂਰੀ ਦੇ ਹਰ ਵਾਰਡ ਵਿੱਚ ਲੋਕਾਂ ਨਾਲ ਮੀਟਿੰਗਾ ਕਰੇਗੀ ਤੇ ਲੋਕਾ ਦੀਆ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਏਗੀ। ਉਨ੍ਹਾਂ ਧੂਰੀ ਦੇ ਪ੍ਰਸ਼ਾਸਨ ਨੂੰ ਵੀ ਬੇਨਤੀ ਕੀਤੀ ਕਿ ਇਨ੍ਹਾਂ ਨਗਰ ਕੌਂਸਲ ਚੋਣਾਂ ਨੂੰ ਸਾਤੀ ਪੂਰਵਕ ਕਰਵਾਇਆ ਜਾਵੇ ਅਗਰ ਕਿਸੇ ਵੀ ਉਮੀਦਵਾਰ ਨਾਲ ਧੱਕੇਸ਼ਾਹੀ,ਜਾ ਉਸ ਦੇ ਬਿਨਾਂ ਵਜਾ ਕਾਗਜ਼ ਰੱਦ ਕੀਤੇ ਤਾਂ ਕਾਂਗਰਸ ਪਾਰਟੀ ਇਸ ਦਾ ਸਖਤ ਨੋਟਿਸ ਲਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼ਹੀਦ ਭਾਈ ਸੰਦੀਪ ਸਿੰਘ ਸਿੱਧੂ ਦੇ ਭਰਾਤਾ ਭਾਈ ਮਨਦੀਪ ਸਿੰਘ ਸਿੱਧੂ ਵੱਲੋਂ

# ਵਾਰਿਸ ਪੰਜਾਬ ਦੇ ਜਥੇਬੰਦੀ ਦੇ ਵਰਕਰਾਂ ਨਾਲ ਹੰਗਾਮੀ ਮੀਟਿੰਗ ਕੀਤੀ ਗਈ





**ਜੰਡਿਆਲਾ ਗੁਰੂ, 21 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਬੀਤੇ ਕੱਲ੍ਹ ਕੌਮੀ ਸ਼ਹੀਦ ਭਾਈ ਸੰਦੀਪ ਸਿੰਘ ਦੀਪ ਸਿੱਧੂ ਦੇ ਭਰਾਤਾ ਭਾਈ ਮਨਦੀਪ ਸਿੰਘ ਸਿੱਧੂ ਨੇ ਅਜਨਾਲਾ ਖੇਤਰ ਤੋ ਅਕਾਲੀ ਦਲ ਵਾਰਿਸ ਪੰਜਾਬ ਦੀ ਜਥੇਬੰਦੀ ਦੇ ਮਿਹਨਤੀ ਅਤੇ ਜੁਝਾਰੂ ਵਰਕਰਾਂ ਨਾਲ ਹੰਗਾਮੀ ਮੀਟਿੰਗ ਅਜਨਾਲਾ ਵਿਖੇ ਕੀਤੀ । ਇਸ ਮੌਕੇ ਤੇ ਅਕਾਲੀ ਦਲ ਵਾਰਸ ਪੰਜਾਬ ਦੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਜਸਕਰਨ ਸਿੰਘ ਰਿਆੜ ਨੇ ਪਹਿਰੇਦਾਰ ਦੇ ਪੱਤਰਕਾਰ ਨਾਲ ਫੋਨ ਤੇ ਗੱਲਬਾਤ ਕਰਦਿਆਂ ਦੱਸਿਆ ਕਿ, ਇਸ ਮੀਟਿੰਗ ਵਿੱਚ ਭਾਈ ਮਨਦੀਪ ਸਿੰਘ ਸਿੱਧੂ ਨੇ ਸਰਕਾਰਾ ਤੇ ਤੰਜ ਕਸਦੇ ਹੋਏ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਐਨ ਐਸ ਏ ਖਤਮ ਹੋਣ ਦੇ ਬਾਵਜੂਦ ਵੀ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਰੱਖਣਾ ਸਰਕਾਰ ਦੀ ਘਟੀਆਂ ਕਰਤੂਤ ਹੈ ਅਤੇ ਸਰਕਾਰਾਂ ਨੇ ਜਾਣ ਬੁੱਝ ਕੇ ਇਹ ਰਣਨੀਤੀ ਤਿਆਰ ਕੀਤੀ ਹੈ ਸਰਕਾਰ ਨਹੀਂ ਚਾਹੁੰਦੀ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੇਲ੍ਹ ਵਿਚੋਂ ਬਾਹਰ ਆਉਣ। ਉਹਨਾਂ ਨੇ ਆਪਣੇ ਵਰਕਰਾਂ ਨਾਲ 2027 ਦੀਆ ਆ ਰਹੀਆਂ ਚੋਣਾਂ ਬਾਰੇ ਵਿਚਾਰ ਵਿਟਾਂਦਰਾ ਕੀਤਾ ਅਤੇ ਆਪਣੀ ਪਾਰਟੀ ਦੇ ਜੁਝਾਰੂ ਵਰਕਰਾਂ ਨੂੰ ਤਕੜੇ ਹੋ ਕੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦਾ ਸਾਥ ਦੇਣ ਲਈ ਕਿਹਾ ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਆਗੂ ਭਾਈ ਜਸਕਰਨ ਸਿੰਘ ਰਿਆੜ, ਦਲਜੀਤ ਸਿੰਘ ਮਿਆਦੀਆਂ ਹਲਕਾ ਇੰਚਾਰਜ ਰਾਜਾਸਾਂਸੀ, ਕਾਬਲ ਸਿੰਘ ਸ਼ਾਹਪੁਰ ,ਜੁਗਰਾਜ ਸਿੰਘ ਗਾਲਿਬ, ਨਾਥਵਿੰਦਰ ਸਿੰਘ ਮਜੀਠਾ ,ਬਲਜਿੰਦਰ ਸਿੰਘ ਮਜੀਠਾ ਕਵਲਜੀਤ ਸਿੰਘ ਸੋਹੀ ,ਤੇਜਬੀਰ ਸਿੰਘ, ਜਸਪਾਲ ਸਿੰਘ, ਜਗਜੀਤ ਸਿੰਘ ਫੌਜੀ ਕੁਲਦੀਪ ਸਿੰਘ , ਬਘੇਲ ਸਿੰਘ ਰਿਆੜ ਤੋਂ ਇਲਾਵਾ ਬਹੁਤ ਵੱਡੀ ਗਿਣਤੀ ਵਿਚ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਵਰਕਰ ਹਾਜ਼ਰ ਸਨ।

### ਭਾਜਪਾ ਦੇ ਮਹਿਲਾ ਰਾਖਵਾਂਕਰਨ ਬਿੱਲ ਬਾਰੇ

# ਦੇਸ਼ ਦੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ - ਰਜਨੀ ਸ਼ਰਮਾ



**ਜੰਡਿਆਲਾ ਗੁਰੂ 21 ਅਪ੍ਰੈਲ( ਕੁਲਵੰਤ ਸਿੰਘ ਵਿਰਦੀ )**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਮਹਿਲਾ ਅੰਮ੍ਰਿਤਸਰ ਜ਼ਿਲ੍ਹਾ ਪ੍ਰਧਾਨ ਰਜਨੀ ਸ਼ਰਮਾ ਨੇ ਕਿਹਾ ਕਿ ਮਹਿਲਾ ਰਾਖਵਾਂਕਰਨ ਬਿੱਲ, ਜੋ ਸਦਨ ਵਿੱਚ ਪਾਸ ਹੋਣਾ ਸੀ, ਲਾਗੂ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਭਾਜਪਾ ਵਾਲੇ ਬਿੱਲ ਦੇ ਪਾਸ ਨਾ ਹੋਣ ਲਈ ਕਾਂਗਰਸ ਪ੍ਰਧਾਨ ਰਾਹੁਲ ਗਾਂਧੀ ਨੂੰ ਜ਼ਿੰਮੇਵਾਰ ਠਹਿਰਾ ਰਹੇ ਹਨ। ਉਨ੍ਹਾਂ ਕਿਹਾ, "ਮੈਂ ਆਪਣੀਆਂ ਭੈਣਾਂ ਨੂੰ ਦੱਸਣਾ ਚਾਹੁੰਦੀ ਹਾਂ ਕਿ ਇਹ ਬਿੱਲ ਸਤੰਬਰ 2023 ਵਿੱਚ ਪਾਸ ਹੋ ਗਿਆ ਸੀ, ਪਰ ਇਸਨੂੰ ਲਾਗੂ ਨਹੀਂ ਕੀਤਾ ਗਿਆ।" ਉਨ੍ਹਾਂ ਅੱਗੇ ਕਿਹਾ ਕਿ ਉਸ ਸਮੇਂ ਭਾਜਪਾ ਕੋਲ ਬਹੁਮਤ ਸੀ। ਉਨ੍ਹਾਂ ਅੱਗੇ ਕਿਹਾ ਕਿ ਕਾਂਗਰਸ ਪਾਰਟੀ ਕੋਲ ਵੀ ਬਹੁਮਤ ਸੀ ਕਿਉਂਕਿ ਰਾਹੁਲ ਗਾਂਧੀ ਦਾ ਦ੍ਰਿਸ਼ਟੀਕੋਣ ਔਰਤਾਂ ਨੂੰ ਆਪਣੇ ਅਧਿਕਾਰਾਂ ਲਈ ਲੜਨ ਲਈ ਸਸ਼ਕਤ ਬਣਾਉਣਾ ਹੈ। ਰਜਨੀ ਸ਼ਰਮਾ ਨੇ ਕਿਹਾ ਕਿ ਰਾਹੁਲ ਗਾਂਧੀ ਨੇ ਹਮੇਸ਼ਾ ਔਰਤਾਂ ਦੇ ਕਾਜ਼ ਦੀ ਹਿਮਾਇਤ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਅੱਜ ਦਾ ਬਿੱਲ ਕੁਝ ਅਜਿਹਾ ਹੈ ਜੋ ਉਹ ਔਰਤਾਂ ਦੇ ਅਧਿਕਾਰਾਂ ਲਈ ਵੀ ਕਰਨਾ ਚਾਹੁੰਦੀ ਸੀ। ਪਰ ਭਾਜਪਾ ਇਹ ਦਾਅਵਾ ਕਰਕੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ ਕਿ ਰਾਹੁਲ ਗਾਂਧੀ ਨਹੀਂ ਚਾਹੁੰਦੇ ਕਿ ਔਰਤਾਂ ਅੱਗੇ ਆਉਣ ਅਤੇ ਨਹੀਂ ਚਾਹੁੰਦੀਆਂ ਕਿ ਔਰਤਾਂ ਦਾ ਬਿੱਲ ਪਾਸ ਹੋਵੇ। ਉਨ੍ਹਾਂ ਕਿਹਾ ਕਿ ਅਜਿਹਾ ਨਹੀਂ ਹੈ। ਰਾਹੁਲ ਗਾਂਧੀ ਨੇ ਸਿਰਫ਼ ਇਹ ਕਿਹਾ ਹੈ ਕਿ ਬਿੱਲ ਨੂੰ ਹੁਣੇ ਪਾਸ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ 2029 ਵਿੱਚ ਹੋਣ ਵਾਲੀਆਂ ਚੋਣਾਂ ਵਿੱਚ ਔਰਤਾਂ ਨੂੰ ਪੂਰਾ ਸਮਰਥਨ ਮਿਲ ਸਕੇ ਅਤੇ ਚੋਣਾਂ ਲੜ ਸਕਣ। ਇਸ ਭਾਵਨਾ ਨੂੰ ਦੇਖਦਿਆਂ, ਭਾਜਪਾ ਕਹਿ ਰਹੀ ਹੈ ਕਿ ਉਹ ਇੱਕ ਡਰਾਮਾ ਕਰ ਰਹੀ ਹੈ, ਇਹ ਕਹਿ ਰਹੀ ਹੈ ਕਿ ਬਿੱਲ ਨੂੰ ਜਨਗਣਨਾ ਦੇ ਆਧਾਰ 'ਤੇ ਪਾਸ ਕੀਤਾ ਜਾਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਸਮੇਂ ਦੀ ਲੋੜ ਹੈ। ਰਜਨੀ ਸ਼ਰਮਾ ਨੇ ਕਿਹਾ ਕਿ ਰਾਹੁਲ ਗਾਂਧੀ ਦਾ ਇਰਾਦਾ ਚੰਗਾ ਹੈ ਅਤੇ ਉਹ ਔਰਤਾਂ ਨੂੰ ਤਰੱਕੀ ਕਰਦੇ ਦੇਖਣਾ ਚਾਹੁੰਦੇ ਹਨ, ਕਿਉਂਕਿ ਉਨ੍ਹਾਂ ਦੀ ਦਾਦੀ, ਇੰਦਰਾ ਗਾਂਧੀ, ਜੋ ਪ੍ਰਧਾਨ ਮੰਤਰੀ ਸੀ, ਵੀ ਔਰਤਾਂ ਵਿੱਚ ਸੰਘਰਸ਼ ਦਾ ਗੁਣ ਅਤੇ ਤਰੱਕੀ ਦੀ ਭਾਵਨਾ ਦੇਖਣਾ ਚਾਹੁੰਦੀ ਸੀ। ਉਹ ਜਾਣਦੀ ਸੀ ਕਿ ਔਰਤਾਂ ਕਿੰਨਾ ਕੰਮ ਕਰ ਸਕਦੀਆਂ ਹਨ। ਉਹ ਹਮੇਸ਼ਾ ਔਰਤਾਂ ਦੀ ਕਦਰ ਕਰਦੀ ਰਹੀ ਹੈ ਅਤੇ ਉਨ੍ਹਾਂ ਦੇ ਨਾਲ ਖੜ੍ਹੀ ਰਹੀ ਹੈ। ਇਸੇ ਲਈ ਰਾਹੁਲ ਗਾਂਧੀ ਚਾਹੁੰਦੇ ਹਨ ਕਿ ਇਹ ਬਿੱਲ ਇਹ ਯਕੀਨੀ ਬਣਾਏ ਕਿ ਸਾਰੀਆਂ ਸ਼੍ਰੇਣੀਆਂ ਦੀਆਂ ਔਰਤਾਂ, ਭਾਵੇਂ ਉੱਚ-ਵਰਗ ਜਾਂ ਮੱਧ ਵਰਗ (ਬੀਸੀ, ਐਸਸੀ, ਜਾਂ ਜਨਰਲ), ਨੂੰ ਬਰਾਬਰ ਸਨਮਾਨ ਮਿਲੇ। ਇਸੇ ਲਈ ਭਾਜਪਾ ਦੇ ਲੋਕ ਨਹੀਂ ਚਾਹੁੰਦੇ ਕਿ ਉਨ੍ਹਾਂ ਦੀਆਂ ਸੀਟਾਂ ਵਧਣ, ਉਨ੍ਹਾਂ ਨੇ ਕਿਹਾ ਕਿ ਅਸੀਂ ਚਾਹੁੰਦੇ ਹਾਂ ਕਿ ਜੋ ਵੀ 2026 ਦੀ ਜਨਗਣਨਾ ਕਰਨ ਜਾਵੇ, ਉਹ 2023 ਦੀ ਹੀ ਕਰੇ। 543 ਵਿੱਚੋਂ 168 ਪ੍ਰਤੀਸ਼ਤ ਔਰਤਾਂ ਨੂੰ ਉਨ੍ਹਾਂ ਦੇ ਅਧਿਕਾਰ ਦਿੱਤੇ ਜਾਣ। ਪਰ ਭਾਜਪਾ ਵਾਲੇ ਅਜਿਹਾ ਨਹੀਂ ਕਰ ਰਹੇ, ਉਹ ਕਹਿੰਦੇ ਹਨ ਕਿ ਅਸੀਂ ਅਜਿਹਾ ਨਹੀਂ ਕਰਾਂਗੇ, ਉਹ ਜੁਮਲਾ ਬਣਾ ਰਹੇ ਹਨ, ਉਹ ਡਰਾਮਾ ਕਰ ਰਹੇ ਹਨ, ਤੁਸੀਂ ਸਾਡਾ ਸਮਰਥਨ ਕਰੋ, ਉਨ੍ਹਾਂ ਨੂੰ ਇਹ ਸੋਚਣ ਲਈ ਸਮਾਂ ਚਾਹੀਦਾ ਹੈ ਕਿ ਬਿੱਲ ਕਦੋਂ ਪਾਸ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਚੋਣਾਂ ਲਈ ਚੱਲ ਰਿਹਾ ਸਟੰਟ ਹੈ। ਉਹ ਡਰਾਮਾ ਰਚ ਕੇ ਮਸੀਹਾ ਬਣਨਾ ਚਾਹੁੰਦੇ ਹਨ, ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਆਪਣੀ ਸੋਚ ਨਾਲ ਕਦੇ ਵੀ ਲੋਕਾਂ ਲਈ ਮਸੀਹਾ ਨਹੀਂ ਬਣ ਸਕਦੀ। ਕਿਉਂਕਿ ਉਨ੍ਹਾਂ ਕਿਹਾ ਕਿ ਅਸੀਂ ਮਨੀਪੁਰ ਵਿੱਚ ਜੋ ਦੇਖਿਆ, ਅਸੀਂ ਹਰ ਜਗ੍ਹਾ ਔਰਤਾਂ ਵਿਰੁੱਧ ਅੱਤਿਆਚਾਰ ਦੇਖੇ ਹਨ। ਉਨ੍ਹਾਂ ਕਿਹਾ, "ਮੋਦੀ ਸਾਹਿਬ, ਅਸੀਂ ਤੁਹਾਨੂੰ ਇਹ ਦੱਸਦੇ ਹਾਂ: ਤੁਸੀਂ ਔਰਤਾਂ ਨਾਲ ਸਟੰਟ ਕਰਕੇ ਇਹ ਚੋਣ ਨਹੀਂ ਜਿੱਤ ਸਕੋਗੇ। ਜੇਕਰ ਤੁਸੀਂ ਇਸ ਬਿੱਲ ਨੂੰ ਪਾਸ ਕਰਨਾ ਚਾਹੁੰਦੇ ਹੋ, ਜੇਕਰ ਤੁਸੀਂ ਸੱਚਮੁੱਚ ਔਰਤਾਂ ਦੀ ਪਰਵਾਹ ਕਰਦੇ ਹੋ, ਤਾਂ ਇਸਨੂੰ ਹੁਣੇ ਲਾਗੂ ਕਰੋ। ਅਸੀਂ ਤੁਹਾਡੇ ਨਾਲ ਹਾਂ ਅਤੇ ਕਾਂਗਰਸ ਪਾਰਟੀ ਤੁਹਾਡਾ ਸਮਰਥਨ ਕਰੇਗੀ। ਪਰ ਜੇ ਤੁਸੀਂ ਇਸਨੂੰ 2034 ਵਿੱਚ ਪਾਸ ਹੁੰਦਾ ਦੇਖਣਾ ਚਾਹੁੰਦੇ ਹੋ, ਫਿਰ ਲੋਕ ਸਭਾ ਸੀਟਾਂ ਦੀ ਗਿਣਤੀ ਵਧਾ ਕੇ ਅਤੇ ਫਿਰ ਔਰਤਾਂ ਨੂੰ ਸੀਟਾਂ ਦੇਣਾ ਚਾਹੁੰਦੇ ਹੋ, ਤਾਂ ਇਹ ਸੰਭਵ ਨਹੀਂ ਹੋਵੇਗਾ।" ਉਨ੍ਹਾਂ ਕਿਹਾ ਕਿ ਅੱਜ ਕਾਂਗਰਸ ਪਾਰਟੀ ਦਾ ਸਮਰਥਨ ਨਾ ਮਿਲਣਾ ਲੋਕਤੰਤਰ ਦੀ ਜਿੱਤ ਹੈ, ਰਾਹੁਲ ਗਾਂਧੀ ਦੀ ਜਿੱਤ ਹੈ, ਜੋ ਔਰਤਾਂ ਦੀ ਪਰਵਾਹ ਕਰਦੇ ਹਨ। ਉਨ੍ਹਾਂ ਕਿਹਾ, "ਔਰਤਾਂ ਬਾਰੇ ਆਪਣੇ ਵਿਚਾਰਾਂ ਬਾਰੇ ਬੋਲਣ ਦੀ ਤੁਹਾਡੀ ਵਾਰੀ ਹੈ। ਲੋਕਾਂ ਨੂੰ ਗੁੰਮਰਾਹ ਨਾ ਕਰੋ। ਪੜ੍ਹੀਆਂ-ਲਿਖੀਆਂ ਅਤੇ ਉੱਚ ਸੋਚ ਵਾਲੀਆਂ ਔਰਤਾਂ ਗੁਮਰਾਹ ਨਹੀਂ ਹੋਣਗੀਆਂ।" ਉਨ੍ਹਾਂ ਹਰ ਔਰਤ ਨੂੰ ਭਾਜਪਾ ਦੇ ਜਾਲ ਵਿੱਚ ਨਾ ਫਸਣ ਦੀ ਅਪੀਲ ਕੀਤੀ, ਕਿਉਂਕਿ ਕਾਂਗਰਸ ਪਾਰਟੀ ਹਮੇਸ਼ਾ ਔਰਤਾਂ ਦੀ ਭਲਾਈ ਲਈ ਕੰਮ ਕਰਦੀ ਰਹੀ ਹੈ। ਅੰਤ ਵਿੱਚ, ਰਜਨੀ ਸ਼ਰਮਾ ਨੇ ਕਿਹਾ ਕਿ ਸੰਵਿਧਾਨ ਵਿੱਚ ਸੋਧ ਨੂੰ ਰੱਦ ਕਰ ਦਿੱਤਾ ਗਿਆ ਹੈ, ਬਿੱਲ ਨੂੰ ਨਹੀਂ, ਜਿਸ ਬਾਰੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ, ਇਹ ਬਿੱਲ 2023 ਵਿੱਚ ਪਹਿਲਾਂ ਹੀ ਪਾਸ ਹੋ ਚੁੱਕਾ ਸੀ।

# ਵੇਦ ਕਲਪ ਬ੍ਰਿਛ ਹਨ ਅਤੇ ਸ੍ਰੀਮਦ ਭਾਗਵਤ ਉਸ ਦਾ ਮਿੱਠਾ ਫਲ—ਮਹਾਂਮੰਡਲੇਸ਼ਵਰ ਸਵਾਮੀ ਵਿਗਿਆਨਾਨੰਦ ਸਰਸਵਤੀ





ਫ਼ਿਰੋਜ਼ਪੁਰ, 21 ਅਪ੍ਰੈਲ (ਮਨੋਹਰ ਲਾਲ) :— ਸਥਾਨਕ ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਮੰਦਰ ਵਿਖੇ ਆਯੋਜਿਤ ਸ੍ਰੀ ਭਾਗਵਤ ਮਹਾਂਪੁਰਾਣ ਕਥਾ ਗਿਆਨ ਯੱਗ ਦੇ ਪਹਿਲੇ ਦਿਨ ਹਰਿਦੁਆਰ ਤੋਂ ਪਹੁੰਚੇ ਸ੍ਰੋਤ੍ਰਿਯ ਬ੍ਰਹਮਨਿਸ਼ਠ ਸੰਤ ਸ੍ਰੀ ਸ੍ਰੀ 1008 ਮਹਾਂਮੰਡਲੇਸ਼ਵਰ ਸਵਾਮੀ ਵਿਗਿਆਨਾਨੰਦ ਸਰਸਵਤੀ ਜੀ ਮਹਾਰਾਜ ਨੇ ਆਪਣੇ ਸਾਰਥਕ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਭਗਤੀ ਦੇ ਰੰਗ ਵਿਚ ਰੰਗ ਦਿੱਤਾ। ਉਨ੍ਹਾਂ ਦੀ ਅੰਮ੍ਰਿਤਮਈ ਬਾਣੀ ਨੇ ਹਾਜ਼ਰ ਸ਼ਰਧਾਲੂਆਂ ਨੂੰ ਭਾਵੁਕ ਅਤੇ ਮੰਤਰ ਮੁਗਧ ਕਰ ਦਿੱਤਾ। ਸਵਾਮੀ ਜੀ ਨੇ ਕਥਾ ਦੌਰਾਨ ਦੱਸਿਆ ਕਿ 'ਵੇਦ ਇਕ ਕਲਪ ਬ੍ਰਿਛ' ਇੱਛਾ ਪੂਰੀ ਕਰਨ ਵਾਲਾ ਰੁੱਖ ਦੇ ਸਮਾਨ ਹਨ ਅਤੇ ਸ੍ਰੀਮਦ ਭਾਗਵਤ ਉਸ ਉੱਤੇ ਲੱਗਿਆ ਹੋਇਆ ਇੱਕ ਅਤਿ ਮਿੱਠਾ ਫਲ ਹੈ। ਉਨ੍ਹਾਂ ਕਿਹਾ ਕਿ ਸਾਰੇ ਭਗਤਾਂ ਨੂੰ ਇਸ ਮਿੱਠੇ ਫਲ ਦਾ ਰਸ ਪੀਣ ਦੇ ਨਾਲ ਨਾਲ ਇਸ ਦੇ ਗੁੱਦੇ, ਛਿਲਕੇ ਅਤੇ ਗੁਠਲੀ (ਭਾਵ ਸੰਪੂਰਨ ਤੱਤ) ਦਾ ਸੇਵਨ ਕਰਨਾ ਚਾਹੀਦਾ ਹੈ। ਭਾਗਵਤ ਅਸਲ ਵਿਚ ਭਗਤਾਂ ਦੀ ਸ਼ਰਧਾ ਅਤੇ ਭਗਤੀ ਦੀ ਭਾਵਨਾ ਦਾ ਵਿਗਿਆਨ ਹੈ, ਜੇਕਰ ਇਹ ਕੇਵਲ ਈਸ਼ਵਰੀ ਗਿਆਨ ਦਾ ਗ੍ਰੰਥ ਹੁੰਦਾ ਤਾਂ ਇਸ ਦਾ ਨਾਮ 'ਸ੍ਰੀ ਭਗਵਤ ਮਹਾਂਪੁਰਾਣ' ਹੁੰਦਾ, ਪਰ ਇਸ ਵਿਚ ਭਗਵਾਨ ਤੋਂ ਵੀ ਵੱਧ ਭਗਤਾਂ ਦੇ ਭਾਵਾਂ ਨੂੰ ਮਹੱਤਵ ਦਿੱਤਾ ਗਿਆ ਹੈ। ਕਥਾ ਦੇ ਦੌਰਾਨ ਮਹਾਰਾਜ ਜੀ ਨੇ ਤਿੰਨ ਮਹਾਨ ਪੁਰਸ਼ਾਂ ਭੀਸ਼ਮ, ਯੁਧਿਸ਼ਟਰ ਅਤੇ ਪ੍ਰੀਖਿਅਤ ਦੇ ਮਹਾਨ ਚਰਿੱਤਰ ਦਾ ਗੁਣਗਾਨ ਕੀਤਾ। ਉਨ੍ਹਾਂ ਦੱਸਿਆ ਕਿ ਕਿਵੇਂ ਰਾਜਾ ਪ੍ਰੀਖਿਅਤ ਨੂੰ ਬ੍ਰਹਮਾਸਤਰ ਦੇ ਵਾਰ ਨਾਲ ਮਾਂ ਦੇ ਗਰਭ ਵਿਚ ਹੀ ਮਾਰ ਦਿੱਤਾ ਗਿਆ ਸੀ, ਪਰ ਪ੍ਰਭੂ ਨੇ ਆਪਣੀ ਕਿਰਪਾ ਨਾਲ ਉਨ੍ਹਾਂ ਨੂੰ ਗਰਭ ਵਿਚ ਹੀ ਮੁੜ ਜੀਵਿਤ ਕਰ ਦਿੱਤਾ। ਸਵਾਮੀ ਜੀ ਨੇ ਭਾਰਤ ਦੀਆਂ ਤਿੰਨ ਮਹਾਨ ਨਾਰੀਆਂ ਦੇ ਚਰਿੱਤਰ ਦਾ ਵਰਣਨ ਕਰਦਿਆਂ ਦੱਸਿਆ ਕਿ ਜਦੋਂ ਅਸ਼ਵਥਾਮਾ ਨੇ ਦ੍ਰੋਪਦੀ ਦੇ ਪੰਜ ਪੁੱਤਰਾਂ ਨੂੰ ਮਾਰ ਦਿੱਤਾ ਸੀ, ਤਾਂ ਵੀ ਦ੍ਰੋਪਦੀ ਨੇ ਬਦਲਾ ਲੈਣ ਦੀ ਬਜਾਏ ਆਪਣੀ ਕਰੁਣਾਮਈ ਭਗਤੀ ਕਾਰਨ ਅਸ਼ਵਥਾਮਾ ਨੂੰ ਮੁਆਫ਼ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਇਹ ਇਕ ਮਹਾਨ ਨਾਰੀ ਦੀ ਸਹਿਣਸ਼ੀਲਤਾ ਅਤੇ ਖਿਮਾ ਦੀ ਸਰਵੋਤਮ ਮਿਸਾਲ ਹੈ। ਸਵਾਮੀ ਜੀ ਨੇ ਦ੍ਰੋਪਦੀ ਤੋਂ ਇਲਾਵਾ ਮਾਤਾ ਕੁੰਤੀ ਅਤੇ ਉਤਰਾ ਦੇ ਮਹਾਨ ਚਰਿੱਤਰ ਦਾ ਗੁਣਗਾਨ ਕੀਤਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮਹਾਨ ਸ਼ਖਸੀਅਤਾਂ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਕਿਵੇਂ ਮੁਸੀਬਤਾਂ ਦੇ ਸਮੇਂ ਵੀ ਪ੍ਰਭੂ 'ਤੇ ਭਰੋਸਾ ਰੱਖਣਾ ਹੈ। ਉਨ੍ਹਾਂ ਕਥਾ ਦਾ ਸਾਰ ਦੱਸਦਿਆਂ ਕਿਹਾ ਸ੍ਰੀਮਦ ਭਾਗਵਤ ਮਹਾਂਪੁਰਾਣ ਅਜਿਹਾ ਪਵਿੱਤਰ ਗ੍ਰੰਥ ਹੈ ਜੋ ਸਾਨੂੰ ਭਗਤੀ, ਕਰੁਣਾ, ਤਿਆਗ ਅਤੇ ਵੈਰਾਗਪੂਰਨ ਜੀਵਨ ਜਿਉਣ ਦਾ ਮਾਰਗ ਦਿਖਾਉਂਦਾ ਹੈ। ਇਹ ਸਾਨੂੰ ਨਿਸ਼ਕਾਮ ਕਰਮਯੋਗ ਦਾ ਉਪਦੇਸ਼ ਦਿੰਦਾ ਹੈ, ਜਿਸ ਦਾ ਪਾਲਣ ਕਰਨਾ ਹਰ ਮਨੁੱਖ ਲਈ ਲਾਜ਼ਮੀ ਹੈ। ਇਸ ਧਾਰਮਿਕ ਸਮਾਗਮ ਦੇ ਆਯੋਜਨ ਵਿਚ ਗੀਤਾ ਪ੍ਰਚਾਰ ਸਮਿਤੀ ਅਤੇ ਮੰਦਰ ਸਮਿਤੀ ਫਿਰੋਜ਼ਪੁਰ ਦਾ ਵਿਸ਼ੇਸ਼ ਯੋਗਦਾਨ ਰਿਹਾ। ਸਮਿਤੀ ਦੇ ਮੈਂਬਰਾਂ ਨੇ ਦੱਸਿਆ ਕਿ ਅਜਿਹੇ ਸਮਾਗਮਾਂ ਦਾ ਮਕਸਦ ਸਮਾਜ ਵਿਚ ਨੈਤਿਕ ਕਦਰਾਂ ਕੀਮਤਾਂ ਨੂੰ ਉਤਸ਼ਾਹਿਤ ਕਰਨਾ ਅਤੇ ਨਵੀਂ ਪੀੜ੍ਹੀ ਨੂੰ ਆਪਣੀ ਅਮੀਰ ਵਿਰਾਸਤ ਨਾਲ ਜੋੜਨਾ ਹੈ। ਅੱਜ ਦੇ ਸਮਾਗਮ ਵਿਚ ਫਿਰੋਜ਼ਪੁਰ ਦੇ ਵੱਖ—ਵੱਖ ਇਲਾਕਿਆਂ ਤੋਂ ਆਏ ਸ਼ਰਧਾਲੂਆਂ ਨੇ ਕਥਾ ਦਾ ਆਨੰਦ ਮਾਣਿਆ ਅਤੇ ਸਵਾਮੀ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

# ਪੂਰਵਜਾਂ ਦੇ ਪਾਏ ਹੋਏ ਪੂਰਨਿਆਂ ਤੇ ਚਲਦੇ ਹੋਏ ਗਰੀਬ ਦਾ ਮੂੰਹ ਗੁਰੂ ਦੀ ਗੋਲਖ ਲੋੜਵੰਦਾਂ, ਜੀਵ ਜੰਤੂਆਂ ਨੂੰ ਪਿਆਰ ਸੇਵਾ ਰੱਬ ਨੂੰ ਪਿਆਰ—ਪੀ.ਸੀ ਕੁਮਾਰ




ਫ਼ਿਰੋਜ਼ਪੁਰ, 21 ਅਪ੍ਰੈਲ (ਮਨੋਹਰ ਲਾਲ) :— ਪੂਰਵਜਾਂ ਦੇ ਪਾਏ ਹੋਏ ਪੂਰਨਿਆਂ ਤੇ ਚਲਦੇ ਹੋਏ ਗਰੀਬ ਦਾ ਮੂੰਹ ਗੁਰੁ ਦੀ ਗੋਲਖ ਲੋੜਵੰਦਾਂ, ਜੀਵ ਜੰਤੂਆਂ ਨੂੰ ਪਿਆਰ ਸੇਵਾ ਰੱਬ ਨੂੰ ਪਿਆਰ ਨੂੰ ਅਮਲੀ ਜਾਮਾ ਪਹਿਨਾ ਹਜ਼ਾਰਾਂ ਲੋੜਵੰਦਾਂ ਦੀ ਮੱਦਦ ਕੀਤੀ। ਇਹ ਵਿਚਾਰ ਸ੍ਰੀ ਪੀ.ਸੀ ਕੁਮਾਰ ਨੇ ਸਾਂਝੇ ਕਰਦਿਆਂ ਕਿਹਾ ਕਿ ਅੱਜ ਅਸੀਂ ਦੇਖ ਰਹੇ ਹਾਂ ਜਮਨ—ਮਰਨ, ਸ਼ਾਦੀ ਮੌਕੇ ਅਜਾਈ ਪੈਸਾ ਕੋਡੀਆਂ ਦੇ ਭਾਅ ਬਰਬਾਦ ਹੁੰਦਾ, ਅੰਜਾਈ ਸਿਰਫ ਨਕ ਨਹੀਂ ਰਹਿੰਦਾ, ਟੌਹਰ ਨਹੀਂ ਬਣਦੀ ਖਰਚ ਕਰ ਪ੍ਰਮਾਤਮਾ ਦੇ ਨਿਯਮ ਸਾਡੇ ਫਰਜਾਂ ਨੂੰ ਨਜ਼ਰ ਅੰਦਾਜ ਕਰ ਉਲਟਾ ਜਿਥੇ ਗਰੀਬ ਦਾ ਮੂੰਹ ਗੁਰੂ ਦੀ ਗੋਲਕ ਜ਼ੋ ਜੀਵ ਜੰਤੂਆਂ ਨੂੰ ਪਿਆਰ ਕਰਦੇ ਹਨ, ਰੱਬ ਉਨ੍ਹਾਂ ਨੂੰ ਪਿਆਰ ਕਰਦਾ ਹੈ, ਅਨਗੋਲਿਆ ਕਰ ਅੱਜ ਸਿਰਫ ਤੇ ਸਿਰਫ ਨੱਕ ਨਹੀਂ ਰਹਿੰਦਾ ਦੁਨੀਆਂ ਨੂੰ ਕੀ ਕਹੇਗੀ ਅਜਾਹੀ ਜਿਥੇ ਮਾਨਵਤਾ ਦੀ ਸੇਵਾ ਨੂੰ ਵੀ ਇਕ ਦਿਖਾਵਾ ਦੁਕਾਨਦਾਰੀ ਉਥੇ ਬਨਸਪਤੀ ਜੀਵ ਜੰਤੂਆਂ ਦੇ ਲੋੜੀਂਦੇ ਖਾਣ—ਪੀਣ, ਰਹਿਣ—ਸਹਿਣ ਸੰਭਾਲ ਨੂੰ ਨਜਰ ਅੰਦਾਜ ਕਰ ਜੂਠ ਤੇ ਝੂਠ ਇਨ੍ਹਾਂ ਵੱਧ ਰਿਹਾ ਹੈ ਜ਼ੋ ਸਾਡੇ ਇਨਸਾਨੀਅਤ ਤੇ ਧੱਬਾ ਨੂੰ ਧਿਆਨ ਵਿਚ ਰੱਖ ਕੇ ਸ੍ਰੀ ਪੀ.ਸੀ ਕੁਮਾਰ ਦੁਆਰਾ ਆਪਣੇ ਸਵਰਗ ਵਾਸੀ ਸਾਥੀ ਦਰਸ਼ਨਾ ਦੇ ਵੀ ਪਾਏ ਹੋਏ ਰਾਹ ਤੇ ਚਲਦੇ ਸਕੂਲੀ ਬੱਚਿਆਂ ਦੀ ਮੱਦਦ ਲੋੜਵੰਦਾਂ ਨੂੰ ਸਮਾਨ ਦਿੱਤਾ ਤੇ ਮਾਰਗਦਰਸ਼ਨ ਕੀਤਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਾਲੇ ਕਾਰਟੇਲਾਂ ਨਾਲ ਸਬੰਧਤ

# ਪੰਜ ਵਿਅਕਤੀ 7 ਕਿਲੋ ਹੈਰੋਇਨ ਸਮੇਤ ਅੰਮ੍ਰਿਤਸਰ ਤੋਂ ਗ੍ਰਿਫ਼ਤਾਰ




**ਜੰਡਿਆਲਾ ਗੁਰੂ, 21 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਪੰਜ ਮੁਲਜ਼ਮਾਂ ਨੂੰ 7.050 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਾਲੇ ਦੋ ਕਾਰਟੇਲਾਂ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਦੀਪਕ ਸਿੰਘ ਉਰਫ਼ ਦੀਪੂ (22) ਵਾਸੀ ਹਰਕ੍ਰਿਸ਼ਨ ਨਗਰ ਛੇਹਰਟਾ, ਅੰਮ੍ਰਿਤਸਰ; ਪ੍ਰਿੰਸ ਸਿੰਘ ਉਰਫ਼ ਪ੍ਰਿੰਸ ਵਾਸੀ ਪਿੰਡ ਕੋਹਾਲਾ, ਅੰਮ੍ਰਿਤਸਰ; ਰਜਿੰਦਰ ਸਿੰਘ ਉਰਫ਼ ਘੁੱਦੂ (23), ਰਣਦੀਪ ਸਿੰਘ ਉਰਫ਼ ਦਿਲ (19) ਅਤੇ ਗੁਰਪ੍ਰੀਤ ਸਿੰਘ ਉਰਫ਼ ਗੋਪੀ (21) ਵਜੋਂ ਹੋਈ ਹੈ, ਤਿੰਨੋਂ ਨਿਵਾਸੀ ਪਿੰਡ ਸੈਂਸਰਾ ਕਲਾਂ, ਅੰਮ੍ਰਿਤਸਰ ਵਜੋਂ ਹੋਈ ਹੈ।ਹੈਰੋਇਨ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ, ਜਿਸ 'ਤੇ ਉਹ ਨਸ਼ਿਆਂ ਦੀ ਤਸਕਰੀ ਕਰ ਰਹੇ ਸਨ ।ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ ਸਥਿਤ ਇੱਕ ਤਸਕਰ ਦੇ ਸੰਪਰਕ ਵਿੱਚ ਸਨ, ਜੋ ਡਰੋਨ ਰਾਹੀਂ ਖੇਪ ਭੇਜ ਕੇ ਆਪਣੇ ਸਥਾਨਕ ਹੈਂਡਲਰਾਂ ਰਾਹੀਂ ਪੰਜਾਬ ਭਰ ਵਿੱਚ ਇਸ ਦੀ ਸਪਲਾਈ ਕਰ ਰਿਹਾ ਸੀ ।ਡੀਜੀਪੀ ਨੇ ਕਿਹਾ ਕਿ ਇਸ ਨਸ਼ਾ ਤਸਕਰੀ ਨੈੱਟਵਰਕ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ ।ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਜਾਣਕਾਰੀ ਦੇ ਆਧਾਰ 'ਤੇ ਚਲਾਏ ਗਏ ਇੱਕ ਟੀਕਾਗਤ ਆਪ੍ਰੇਸ਼ਨ ਦੌਰਾਨ, ਪੁਲਿਸ ਟੀਮਾਂ ਨੇ ਦੀਪਕ ਸਿੰਘ ਉਰਫ਼ ਦੀਪੂ ਨੂੰ 1.3 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰ ਲਿਆ। ਮੁਲਜ਼ਮ ਤੋਂ ਕੀਤੀ ਗਈ ਪੁੱਛਗਿੱਛ ਦੌਰਾਨ ਪੁਲਿਸ ਨੂੰ ਹੋਰ 2.6 ਕਿਲੋ ਹੈਰੋਇਨ ਬਰਾਮਦ ਕਰਨ ਵਿੱਚ ਸਫਲਤਾ ਮਿਲੀ, ਜਿਸ ਨਾਲ ਇਸ ਦੀ ਕੁੱਲ ਬਰਾਮਦਗੀ 4.04 ਕਿਲੋ ਹੈਰੋਇਨ ਹੋ ਗਈ ।ਉਨ੍ਹਾਂ ਕਿਹਾ ਕਿ ਪਾਕਿਸਤਾਨ ਅਧਾਰਤ ਹੈਂਡਲਰ ਬਾਰੇ ਹੋਰ ਜਾਂਚ ਦੌਰਾਨ, ਪੁਲਿਸ ਟੀਮਾਂ ਨੇ ਤਿੰਨ ਹੋਰ ਮੁਲਜ਼ਮਾਂ ਰਜਿੰਦਰ ਉਰਫ਼ ਘੁੱਦੂ, ਰਣਦੀਪ ਉਰਫ਼ ਦਿਲ ਅਤੇ ਗੁਰਪ੍ਰੀਤ ਉਰਫ਼ ਗੋਪੀ ਨੂੰ 1.01 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ। ਗ੍ਰਿਫ਼ਤਾਰ ਮੁਲਜ਼ਮ ਵੱਲੋਂ ਕੀਤੇ ਹੋਰ ਖੁਲਾਸੇ ਦੇ ਆਧਾਰ 'ਤੇ, ਉਨ੍ਹਾਂ ਦੇ ਚੌਥੇ ਸਾਥੀ, ਪ੍ਰਿੰਸ ਸਿੰਘ ਉਰਫ਼ ਪ੍ਰਿੰਸ ਨੂੰ ਵੀ 2 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰ ਲਿਆ ਗਿਆ ।ਪੁਲਿਸ ਕਮਿਸ਼ਨ ਨੇ ਕਿਹਾ ਕਿ ਗ੍ਰਿਫ਼ਤਾਰ ਮੁਲਜ਼ਮ ਦੀਪਕ ਉਰਫ਼ ਦੀਪੂ 'ਤੇ ਐਨਡੀਪੀਐਸ ਐਕਟ ਤਹਿਤ ਪਹਿਲਾਂ ਵੀ ਖੰਨਾ ਥਾਣੇ ਵਿਖੇ ਅਪਰਾਧਿਕ ਕੇਸ ਦਰਜ ਹੈ ।ਇਸ ਸਬੰਧੀ ਦੋ ਵੱਖ-ਵੱਖ ਮਾਮਲੇ ਥਾਣਾ ਛੇਹਰਟਾ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21-ਸੀ ਅਧੀਨ ਐਫਆਈਆਰ ਨੰਬਰ 77 ਮਿਤੀ 08-04-2026 ਅਤੇ ਥਾਣਾ ਛਾਉਣੀ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21-ਸੀ ਅਧੀਨ ਐਫਆਈਆਰ ਨੰਬਰ 61 ਮਿਤੀ 17-04-2026 ਦਰਜ ਕੀਤੇ ਗਏ ਹਨ।

**ਪਾਕਿ-ਅਧਾਰਤ ਤਸਕਰ ਸਥਾਨਕ ਹੈਂਡਲਰਾਂ ਰਾਹੀਂ ਸੂਬੇ ਵਿੱਚ ਕਰ ਰਿਹਾ ਸੀ ਨਸ਼ਿਆਂ ਦੀ ਸਪਲਾਈ : ਸੀਪੀ ਅੰਮ੍ਰਿਤਸਰ ਗੁਰਪ੍ਰੀਤ ਭੁੱਲਰ**

### ਮੁੱਖ ਮੰਤਰੀ ਤੀਰਥ ਯਾਤਰਾ ਅਧੀਨ ਬਜੁਰਗਾਂ ਦਾ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ

# ਸੁਪਨਾ ਹੋ ਰਿਹੈ ਪੂਰਾ- ਪ੍ਰਧਾਨ ਗੁਰਮੁੱਖ ਸਿੰਘ ਔਜਲਾ, ਬਲਜੀਤ ਸਿੰਘ ਸਰਾਂ





**ਚੌਕ ਮਹਿਤਾ, 21 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਸਰਕਾਰ ਵੱਲੋਂ ਤੀਰਥ ਯਾਤਰਾ ਤਹਿਤ ਧਾਰਮਿਕ ਸਥਾਨਾਂ ਲਈ ਸ਼ਰਧਾਲੂਆਂ ਵਾਸਤੇ ਦੀ ਬੱਸਾਂ ਸ਼ਹਿਰਾਂ ਪਿੰਡਾਂ, ਕਸਬਿਆਂ ਵਾਸਤੇ ਮਹਾਨ ਕਾਰਜ ਆਰੰਭ ਕੀਤੇ ਹਨ। ਇਸ ਮੌਕੇ ਗੱਲਬਾਤ ਕਰਦਿਆਂ ⁚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ, ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਨੇ ਕਿਹਾ ਕਿ ਪੰਜਾਬ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਇਹ ਯੋਜਨਾ ਬਜ਼ੁਰਗਾਂ ਅਤੇ ਸ਼ਰਧਾਲੂਆਂ ਲਈ ਬਹੁਤ ਹੀ ਲਾਭਕਾਰੀ ਸਾਬਤ ਹੋ ਰਹੀ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ - ਨੂੰ ਵੱਖ-ਵੱਖ ਪਵਿੱਤਰ ਤੀਰਥ ਸਥਾਨਾਂ ਦੇ - ਦਰਸ਼ਨ ਕਰਨ ਦਾ ਸੁਨਹਿਰਾ ਮੌਕਾ ਮਿਲ ⁚ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ - ਤੀਰਥ ਯਾਤਰਾ ਸਕੀਮ ਇੱਕ ਅਜਿਹੀ ਲੋਕ ਪੱਖੀ ਯੋਜਨਾ ਹੈ ਜਿਸ ਨਾਲ ਬਜੁਰਗਾਂ ਦਾ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਪਨਾ ਪੂਰਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਬਜੁਰਗ ਕਈ ਘਰੇਲੂ ਕਾਰਨਾ ਕਰਕੇ ਤੀਰਥ ਸਥਾਨਾਂ ਦੇ ਦਰਸ਼ਨਾ ਨੂੰ ਨਹੀਂ ਜਾ ਸਕਦੇ ਸਨ ਪ੍ਰੰਤੂ ਹੁਣ ਉਨ੍ਹਾਂ ਨੂੰ ਮੁਫਤ ਵਿੱਚ ਤੀਰਥ ਯਾਤਰਾ 'ਤੇ ਜਾਣ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ਼੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਿਰ, ਭਗਵਾਨ ਵਾਲਮੀਕ ਤੀਰਥ ਅਤੇ ਵਾਗ੍ਹਾ ਵਾਰਡਰ ਸਾਰੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨਗੇ ਅਤੇ ਸਰਕਾਰ ਵੱਲੋਂ ਯਾਤਰੀਆਂ ਲਈ ਸਾਰੀਆਂ ਜ਼ਰੂਰੀ ਸੁਵਿਧਾਵਾਂ ਮੁਹੱਈਆ ਕਰਵਾ ਰਹੀਆਂ ਹਨ। ਇਸ ਮੌਕੇਂ ਤੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸਰਾਹਨਾ ਕਰਦਿਆਂ ਕਿਹਾ ਕਿ ਇਸ ਯੋਜਨਾ ਨਾਲ ਉਨ੍ਹਾਂ ਨੂੰ ਬਿਨਾਂ ਕਿਸੇ ਆਰਥਿਕ ਬੋਝ ਤੋਂ ਪਵਿੱਤਰ ਤੀਰਥ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ। ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਵਿੰਗ ਸੈਲ ਪੰਜਾਬ ਨੇ ਇਸ ਪਰਉਪਕਾਰੀ ਉਪਰਾਲੇ ਲਈ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਸਰਕਾਰ ਦਾ ਧੰਨਵਾਦ ਵੀ ਕੀਤਾ।

# ਬੇਅਦਬੀਆਂ ਖਿਲਾਫ ਕਾਨੂੰਨ ਬਣਾਉਣਾ ਮਾਨ ਸਰਕਾਰ ਦਾ ਇਤਿਹਾਸਕ ਫੈਸਲਾ: ਨਵਦੀਪ ਕੌਰ ਸੰਗਰੂਰ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੀਆਂ ਘਟਨਾਵਾਂ ਨੂੰ ਰੋਕਣ ਲਈ ਕੀਤੇ ਗਏ ਸੁਹਿਰਦ ਯਤਨਾਂ ਲਈ ਮਾਨ ਸਰਕਾਰ ਦਾ ਫੈਸਲਾ ਬਹੁਤ ਹੀ ਸਲਾਘਾਯੋਗ ਫੈਸਲਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਮਹਿਲਾ ਵਿੰਗ ਦੇ ਜਿਲਾ ਜਰਨਲ ਸਕੱਤਰ ਨਵਦੀਪ ਕੌਰ ਸੰਗਰੂਰ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਕਾਨੂੰਨ ਦੇ ਬਨਣ ਨਾਲ ਹੀ ਅੱਜ ਸਿੱਖ ਸੰਗਤ ਦੀ ਬਹੁਤ ਪੁਰਾਣੀ ਮੰਗ ਵੀ ਪੂਰੀ ਹੋ ਗਈ ਹੈ ਅਤੇ ਇਹ ਪੰਜਾਬ ਦੇ ਲੋਕਾਂ ਲਈ ਇਕ ਇਤਿਹਾਸਕ ਦਿਨ ਹੈ।ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮੁੱਚੀ ਕੈਬਨਿਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਖਿਲਾਫ ਸਖਤ ਕਾਨੂੰਨ ਬਣਾ ਕੇ ਦੋਸ਼ੀਆਂ ਲਈ ਸਖਤ ਸਜਾਵਾਂ, ਜੁਰਮਾਨੇ, ਜਾਇਦਾਦਾਂ ਜਬਤ ਕਰਨ ਅਤੇ ਇਹਨਾਂ ਬੇਅਦਬੀਆਂ ਦੇ ਪਰਦੇ ਪਿਛਲੇ ਚਿਹਰਿਆਂ ਦੀ ਮਾਨਕਿਸਤਾ ਨੂੰ ਉਜਾਗਰ ਕਰਨ ਸਬੰਧੀ ਬਣਾਏ ਗਏ ਸਖਤ ਕਾਨੂੰਨ ਨਾਲ, ਚਿਰਾਂ ਤੋਂ ਵਲੂਧਰੇ ਜਾ ਰਹੇ ਸਿੱਖ ਸੰਗਤਾਂ ਦੇ ਹਿਰਦਿਆਂ ਨੂੰ ਠੰਢ ਪਈ ਹੈ, ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਤੋਂ ਦੁਖੀ ਸਨ। ਉਹਨਾਂ ਕਿਹਾ ਕਿ ਇਹ ਕਾਨੂੰਨ ਅਪਣੇ ਆਪ ਨੂੰ ਪੰਥਕ ਕਹਾਉਣ ਵਾਲੇ ਅਕਾਲੀ ਦਲ ਅਤੇ ਉਸਦੇ ਭਾਈਵਾਲਾਂ ਦੇ ਮੂੰਹ ਤੇ ਵੀ ਇਹ ਕਰਾਰੀ ਚਪੇੜ ਹੈ, ਜਿਸਨੇ ਹਮੇਸ਼ਾਂ ਪੰਥ ਦੇ ਸਿਰ ਤੇ ਰਾਜ ਤਾਂ ਕੀਤਾ ਹੈ ਪਰ ਕਦੇ ਵੀ ਪੰਥ ਦਾ ਕੁਝ ਸਵਾਰਿਆ ਨਹੀਂ।

# ਨਿੱਤ ਕਰਜਾ ਲੈਣ ਲਈ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਸਰਕਾਰ ਨੂੰ ਘੇਰਿਆ, ਕਿਹਾ ਭਗਵੰਤ ਮਾਨ ਬੇਵਸ ਮੁੱਖ ਮੰਤਰੀ, ਕੇਜਰੀਵਾਲ ਲਈ ਲਿਆ ਜਾ ਰਿਹਾ ਕਰੋੜਾਂ ਦਾ ਕਰਜ਼ਾ



ਤਲਵੰਡੀ ਸਾਬੋ, 21 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਵੱਲੋਂ 20 ਦਿਨਾਂ ਵਿੱਚ 2800 ਕਰੋੜ ਜਿਸ ਵਿੱਚ 4 ਅਪ੍ਰੈਲ ਨੂੰ 1500 ਕਰੋੜ ਅਤੇ 21 ਅਪ੍ਰੈਲ ਨੂੰ 1300 ਕਰੋੜ ਰੁਪਏ ਦੇ ਚੱਕੇ ਕਰਜੇ ਦਾ ਮਾਮਲਾ ਸਾਹਮਣੇ ਆਉਣ ਤੇ ਕਾਂਗਰਸ ਦੇ ਸਪੈਸ਼ਲ ਇਨਵਾਇਟੀ ਮੈਂਬਰ ਅਤੇ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਮਾਨ ਸਰਕਾਰ ਨੂੰ ਘੇਰਿਆ ਹੈ। ਜੀਤਮਹਿੰਦਰ ਸਿੰਘ ਸਿੱਧੂ ਜੋ ਅੱਜ ਪੱਕਾ ਕਲਾਂ, ਜੰਬਰ ਬਸਤੀ ਸਮੇਤ ਹੋਰਨਾਂ ਪਿੰਡਾਂ ਚ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ ਚ ਹਾਜ਼ਰੀ ਭਰਨ ਆਏ ਸਨ ਨੇ ਬਾਅਦ ਚ ਐਥੇ ਗੱਲਬਾਤ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਭ ਤੋਂ ਬੇਬਸ ਮੁੱਖ ਮੰਤਰੀ ਹੈ, ਜੋ ਅਰਵਿੰਦ ਕੇਜਰੀਵਾਲ ਦੇ ਇਸ਼ਾਰਿਆਂ ਤੇ ਨੱਚ ਰਿਹਾ ਹੈ, ਜਿਸ ਕਰਕੇ ਕਰੋੜਾਂ ਰੁਪਏ ਦਾ ਕਰਜ਼ਾ ਚੱਕਕੇ ਆਮ ਆਦਮੀ ਪਾਰਟੀ ਦਾ ਪ੍ਰਚਾਰ ਕੀਤਾ ਜਾ ਰਿਹਾ ਅਤੇ ਅਰਵਿੰਦ ਕੇਜਰੀਵਾਲ ਦੇ ਸ਼ੌਂਕ ਪੂਰੇ ਕੀਤੇ ਜਾ ਰਹੇ ਕਿਉਂਕਿ ਖਜ਼ਾਨੇ ਦੀ ਦੁਰਵਰਤੋਂ ਕਰਕੇ ਹੀ ਪੰਜਾਬ ਸਿਰ ਕਰੋੜਾਂ ਰੁਪਏ ਦਾ ਕਰਜਾ ਚੜਿਆ ਹੈ। ਉਹਨਾਂ ਕਿਹਾ ਕਿ ਨਾ ਤਾਂ ਮਾਨ ਸਰਕਾਰ ਨੇ ਪੰਜਾਬ ਦੇ ਭਲੇ ਲਈ ਕੋਈ ਪ੍ਰੋਜੈਕਟ ਲਿਆਂਦਾ, ਨਾ ਨੌਕਰੀਆਂ ਦਿੱਤੀਆਂ, ਨਾ ਚੋਣਾਂ ਵੇਲੇ ਦਿੱਤੀਆਂ ਗਰੰਟੀਆਂ ਪੂਰੀਆਂ ਕੀਤੀਆਂ, ਨਾ ਸਿੱਖਿਆ ਦੇ ਖੇਤਰ ਵਿੱਚ ਕੋਈ ਪੈਸਾ ਖਰਚਿਆ, ਪਰ ਆਪ ਦੇ ਪ੍ਰਚਾਰ ਲਈ ਹੋਰਨਾ ਸੂਬਿਆਂ ਵਿੱਚ ਇਸ਼ਿਤਆਰਬਾਜੀ ਕਰਨ ਲਈ ਖਜ਼ਾਨੇ ਦੀ ਵਰਤੋਂ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਹੜਾਂ ਨਾਲ ਮਾਰੇ ਪੰਜਾਬ ਦੇ ਪੀੜਤ ਕਿਸਾਨਾਂ ਦੀ ਕਦੇ ਸਰਕਾਰ ਨੇ ਬਾਂਹ ਨਹੀਂ ਫੜੀ, ਹੁਣ ਗੜੇਮਾਰੀ ਨਾਲ ਨੁਕਸਾਨੀਆਂ ਫਸਲਾਂ ਦਾ ਵੀ ਕਿਸਾਨਾਂ ਨੂੰ ਕੋਈ ਮੁਆਵਜ਼ਾ ਨਹੀਂ ਮਿਲਿਆ, ਪਰ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਮੁੱਖ ਮੰਤਰੀ ਦਾ ਪੰਜਾਬ ਵੱਲ ਕੋਈ ਧਿਆਨ ਨਹੀਂ ਉਹ ਸਿਰਫ ਆਪਣੀ ਕੁਰਸੀ ਬਚਾਉਣ ਲਈ ਅਰਵਿੰਦ ਕੇਜਰੀਵਾਲ ਦੇ ਇਸ਼ਾਰਿਆਂ ਤੇ ਨੱਚ ਰਹੇ ਹਨ ਪਰ ਹੁਣ ਸਮਾਂ ਨੇੜੇ ਆ ਗਿਆ ਹੈ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੀਤੇ ਧੋਖੇ ਦਾ ਸਬਕ ਸਿਖਾਉਣ ਲਈ ਤਿਆਰ ਹਨ। ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਦੇ ਲੋਕ ਕਾਂਗਰਸ ਦੀ ਸਰਕਾਰ ਨੂੰ ਯਾਦ ਕਰ ਰਹੇ ਹਨ ਅਤੇ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਸਰਕਾਰ ਬਣਾਉਣ ਲਈ ਤਿਆਰ ਹਨ। ਸਿੱਧੂ ਨਾਲ ਇਸ ਮੌਕੇ ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਕ੍ਰਿਸ਼ਨ ਯਾਦਵ, ਸੁਰਜੀਤ ਸ਼ਿੰਦੀ ਜਗਾ, ਹੈਪੀ ਬਹਿਮਣ, ਗੁਰਦਿੱਤਾ ਸਿੰਘ ਸੀਂਗੋ, ਗੁਰਵਿੰਦਰ ਸਿੰਘ ਦੁੰਨੇਵਾਲਾ, ਚਰਨਜੀਤ ਸਿੰਘ ਕੋਟਬਖਤੂ, ਤਰਸੇਮ ਸਿੰਘ ਮਾਨਵਾਲਾ, ਗੁਰਮੇਲ ਸਿੰਘ ਲਾਲੇਆਨਾ, ਹਰਪਾਲ ਗਾਟਵਾਲੀ ਆਦਿ ਆਗੂ ਮੌਜੂਦ ਸਨ।

# ਸੀ-ਪਾਈਟ ਕੈਂਪ ਰਣੀਕੇ ਅੰਮ੍ਰਿਤਸਰ ਵਿਖੇ ਆਰਮੀ ਅਗਨੀਵੀਰ ਤੇ ਪੰਜਾਬ ਪੁਲਿਸ ਲਈ ਮੁਫ਼ਤ ਫਿੱਜੀਕਲ ਟਰੇਨਿੰਗ




**ਜੰਡਿਆਲਾ ਗੁਰੂ, 21 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਸੀ-ਪਾਈਟ ਕੈਂਪ ਰਣੀਕੇ, ਅੰਮ੍ਰਿਤਸਰ ਦੇ ਅਧਿਕਾਰੀ ਕੈਪਟਨ ਅਜੀਤ ਸਿੰਘ ਨੇ ਦੱਸਿਆ ਹੈ ਕਿ ਸੀ-ਪਾਈਟ ਕਪੂਰਥਲਾ ਵਿਖੇ ਆਰਮੀ ਅਗਨੀਵੀਰ ਵਿੱਚ ਭਰਤੀ ਲਈ ਲਿਖਤੀ ਪੇਪਰ ਲਈ ਕਲਾਸਾਂ ਜੋਰ ਸ਼ੋਰ ਨਾਲ ਸ਼ੁਰੂ ਹੋ ਗਈਆਂ ਹਨ । ਪੰਜਾਬ ਪੁਲਿਸ ਦੀਆਂ ਲਿਖਤੀ ਪੇਪਰ ਦੀ ਕਲਾਸਾਂ ਸ਼ੁਰੂ ਹੋ ਗਈਆਂ ਹਨ । ਪੰਜਾਬ ਪੁਲਿਸ ਅਰਮੀ ਫਿੱਜੀਕਲ ਦੀ ਟਰੇਨਿੰਗ ਸੀ-ਪਾਈਟ ਕੈਂਪ ਆਈ.ਟੀ. ਰਣੀਕੇ, ਅੰਮ੍ਰਿਤਸਰ ਵਿਖੇ ਬਹੁਤ ਜੋਰ ਨਾਲ ਚੱਲ ਰਹੀ ਹੈ। ਜਿਹੜੇ ਯੁਵਕ ਜਿਲ੍ਹਾਂ ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਪਠਾਨਕੋਟ ਦੇ ਯੁਵਕ ਜਿੰਨ੍ਹਾ ਨੇ ਐਸ,ਐਸ.ਸੀ/ਆਰਮੀ ਅਗਨੀਵੀਰ/ਪੰਜਾਬ ਪੁਲਿਸ ਦੇ ਲਿਖਤੀ ਪੇਪਰ/ ਫਿੱਜੀਕਲ ਟੈਸਟ ਦੀ ਤਿਆਰੀ ਕਰਨਾ ਚਾਹੁੰਦੇ ਹਨ । ਉਹ ਯਵਕ ਸੀ-ਪਾਈਟ ਕੈਂਪ ਰਣੀਕੇ, ਅੰਮ੍ਰਿਤਸਰ ਵਿਖੇ ਆ ਕੇ ਮੁਫਤ ਤਿਆਰੀ ਕਰ ਸਕਦੇ ਹਨ । ਕੈਂਪ ਵਿੱਚ ਯੁਵਕਾਂ ਵਾਸਤੇ ਜਿੰਮ ਅਤੇ ਵਧੀਆਂ ਗਰਾਂਉਡ (400 ਮੀਟਰ ਟ੍ਰੈਕ) ਵਧੀਆ ਵਾਲੀਬਾਲ ਗਰਾਂਉਡ ਅਤੇ ਇਸ ਤੋਂ ਇਲਾਵਾ ਹੋਰ ਕਈ ਖੇਡਾਂ ਦਾ ਖਾਸ ਪ੍ਰਬੰਧ ਹੈ। ਕੈਂਪ ਦੀ ਟਰੇਨਿੰਗ ਲੈਣ ਲਈ ਦਸਤਾਵੇਜ ਦੀਆ ਫੋਟੋ ਕਾਪੀਆਂ ਜਿਵੇਂ ਆਧਾਰ ਕਾਰਡ, ਦਸਵੀਂ ਕਲਾਸ ਜਾ ਬਾਰ੍ਹਵੀਂ ਕਾਲਸ ਦਾ ਸਰਟੀਫਿਕੇਟ, ਜਾਤੀ ਸਰਟੀਫਿਕੇਟ ਅਤੇ ਦੋ ਪਾਸਪੋਰਟ ਸਾਈਜ ਫੋਟੋਗਰਾਫ ਅਤੇ ਫੋਟੋ ਕਾਪੀ ਨਾਲ ਲੈ ਕੇ ਕੈਂਪ ਵਿੱਚ ਰਿਪੋਰਟ ਕਰ ਸਕਦੇ ਹਨ । ਕੈਂਪ ਦੇ ਅਧਿਕਾਰੀ ਦੇ ਦੱਸਿਆ ਹੈ ਕਿ ਟਰੇਨਿੰਗ ਦੌਰਾਨ ਯੁਵਕਾ ਨੂੰ ਟਰੇਨਿੰਗ, ਪੜਾਈ, ਰਿਹਾਇਸ਼ ਅਤੇ ਖਾਣਾ ਪੰਜਾਬ ਸਰਕਾਰ ਵੱਲੋਂ ਮੁਫਤ ਦਿੱਤਾ ਜਾਵੇਗਾ ।ਯੂਵਕ ਵਧੇਰੇ ਜਾਣਕਾਰੀ ਲਈ ਇਹਨ੍ਹਾਂ ਮੁਬਾਇਲ ਨੰਬਰ ਅਤੇ 7009317626,9872840492 ਤੇ ਸੰਪਰਕ ਕਰਨ ਅਤੇ ਟਰੇਨਿੰਗ ਲੈਣ ਲਈ ਜਲਦੀ ਸੀ-ਪਾਈਟ ਕੈਂਪ ਆਈ.ਟੀ.ਆਈ ਰਣੀਕੇ, ਅੰਮ੍ਰਿਤਸਰ ਵਿਖੇ ਆ ਕੇ ਟਰੇਨਿੰਗ ਦਾ ਲਾਭ ਲੈਣ।

### ਬੀਬੀ ਪਰਮਜੀਤ ਕੌਰ ਦੀਆਂ ਅਸਥੀਆਂ ਕੀਤੀਆਂ ਜਲ ਪ੍ਰਵਾਹ

# ਅੰਤਿਮ ਅਰਦਾਸ ਪਿੰਡ ਰੋਡੇ ਵਿਖੇ 28 ਅਪ੍ਰੈਲ ਨੂੰ











**ਸ੍ਰੀ ਕੀਰਤਪੁਰ ਸਾਹਿਬ, 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਵੀਹਵੀਂ ਸਦੀ ਦੇ ਮਹਾਨ ਯੋਧੇ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ, ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਦੇ ਛੋਟੇ ਭਰਾਤਾ ਭਾਈ ਜਗਤਾਰ ਸਿੰਘ ਰੋਡੇ ਮੈਂਬਰ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਸੁਪਤਨੀ ਬੀਬੀ ਪਰਮਜੀਤ ਕੌਰ ਜੋ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਅੱਜ ਬਾਬਾ ਪਰਿਵਾਰ ਵੱਲੋਂ ਬੀਬੀ ਪਰਮਜੀਤ ਕੌਰ ਦਾ ਅੰਗੀਠਾ ਸੰਭਾਲ ਕੇ ਉਨ੍ਹਾਂ ਦੀਆਂ ਅਸਥੀਆਂ ਸ੍ਰੀ ਕੀਰਤਪੁਰ ਸਾਹਿਬ ਵਿਖੇ ਜਲ ਪ੍ਰਵਾਹ ਕੀਤੀਆਂ ਗਈਆਂ, ਇਸ ਤੋਂ ਪਹਿਲਾਂ ਜਪੁਜੀ ਸਾਹਿਬ ਦਾ ਪਾਠ ਅਤੇ ਕੀਰਤਨ ਕੀਤਾ ਗਿਆ , ਤਖ਼ਤ ਸ੍ਰੀ ਕੇਸਗੜ ਸਾਹਿਬ ਦੇ ਹੈਡ ਗਰੰਥੀ ਗਿਆਨੀ ਜੁਗਿੰਦਰ ਸਿੰਘ ਵੱਲੋ ਅਰਦਾਸ ਕੀਤੀ ਗਈ। ਇਸ ਮੌਕੇ ਪੰਜ ਪਿਆਰਿਆਂ ਵਿੱਚੋਂ ਭਾਈ ਸਰਬਜੀਤ ਸਿੰਘ, ਇੰਚਾਰਜ ਰਾਗੀ ਸਿੰਘਾਂ ਭਾਈ ਸਰਬਜੀਤ ਸਿੰਘ, ਭਾਈ ਮਲਕੀਤ ਸਿੰਘ ਮੈਨੇਜਰ ਤਖ਼ਤ ਸਾਹਿਬ, ਮੀਤ ਮੈਨੇਜਰ ਭਾਈ ਜਸਵੀਰ ਸਿੰਘ, ਭਾਈ ਹਰਦੇਵ ਸਿੰਘ ਵਧੀਕ ਮੈਨੇਜਰ, ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਜਸਵੀਰ ਸਿੰਘ ਰੋਡੇ, ਭਾਈ ਜਗਤਾਰ ਸਿੰਘ ਰੋਡੇ ਮੈਂਬਰ ਸ੍ਰੋਮਣੀ ਕਮੇਟੀ, ਭਾਈ ਕੁਲਦੀਪ ਸਿੰਘ ਸਾਬਕਾ ਸਕੱਤਰ ਸ੍ਰੋਮਣੀ ਕਮੇਟੀ, ਭਾਈ ਜਸਵੰਤ ਸਿੰਘ ਰੋਡੇ, ਭਾਈ ਪਿੰਦਰਪਾਲ ਸਿੰਘ, ਭਾਈ ਜਗਸੀਰ ਸਿੰਘ ਰੋਡੇ ਮੀਤ ਪ੍ਰਧਾਨ ਆਈ.ਪੀ.ਡੀ., ਹੈਡ ਗਰੰਥੀ ਬਾਬਾ ਬਲਵਿੰਦਰ ਸਿੰਘ ਰੋਡੇ, ਭਾਈ ਸਰਬਜੀਤ ਸਿੰਘ, ਭਾਈ ਜੁਝਾਰ ਸਿੰਘ, ਭਾਈ ਅੰਮ੍ਰਿਤਪਾਲ ਸਿੰਘ, ਭਾਈ ਇਕਬਾਲ ਸਿੰਘ ਰੋਡੇ, ਭਾਈ ਹਰਦੀਪ ਸਿੰਘ ਸਮੇਤ ਹੋਰ ਬਹੁਤ ਸਾਰੀਆਂ ਸਖਸ਼ੀਅਤਾਂ ਹਾਜਰ ਸਨ। ਇਸ ਮੌਕੇ ਦਸਿਆ ਗਿਆ ਕਿ ਬੀਬੀ ਪਰਮਜੀਤ ਕੌਰ ਨਮਿਤ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 28 ਅਪ੍ਰੈਲ ਦਿਨ ਮੰਗਲਵਾਰ ਨੂੰ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਪਵੇਗਾ ਅਤੇ ਇਸ ਉਪਰੰਤ ਸ਼ਰਧਾਂਜਲੀ ਸਮਾਗਮ ਹੋਏਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਮੋਦੀ ਹਕੂਮਤ ਦੇ ਅਮਲਾਂ ਤੋਂ ਕਿਤੇ ਵੀ ਨਜ਼ਰ ਨਹੀ ਆ ਰਿਹਾ ਕਿ ਉਹ ਔਰਤ ਵਰਗ ਦਾ ਸਨਮਾਨ ਕਰਦੇ ਹਨ : ਮਾਨ



**ਫ਼ਤਹਿਗੜ ਸਾਹਿਬ ( ਰਣਜੀਤ ਸਿੰਘ ਪੇਧਨੀ )**-"ਮੌਜੂਦਾ ਮੁਤੱਸਵੀ ਮੋਦੀ ਹਕੂਮਤ ਦੇ ਅਮਲਾਂ ਅਤੇ ਕਾਰਵਾਈਆਂ ਦੀ ਜੇਕਰ ਨਿਰਪੱਖਤਾ ਨਾਲ ਪੜਚੋਲ ਕੀਤੀ ਜਾਵੇ ਤਾਂ ਇਹ ਕਿਤੇ ਵੀ ਨਜਰ ਨਹੀ ਆ ਰਿਹਾ ਕਿ ਕੱਟੜਵਾਦੀ ਹੁਕਮਰਾਨ ਔਰਤ ਵਰਗ ਦਾ ਸਨਮਾਨ ਕਰਦੇ ਹੋਣ ।ਇਥੋ ਤੱਕ ਇਹ ਵੀ ਦੁੱਖ ਅਤੇ ਅਚੰਭੇ ਵਾਲੀ ਗੱਲ ਹੈ ਕਿ ਵਜੀਰ ਏ ਆਜਮ ਸ੍ਰੀ ਮੋਦੀ ਦੇ ਵਿਆਹ ਤੋ ਬਾਅਦ ਬੀਬੀ ਜਸੋਦਾਬੇਨ ਮੋਦੀ ਇਨ੍ਹਾਂ ਨਾਲ ਇਕ ਦਿਨ ਵੀ ਰਹੀ ਹੋਵੇ । ਉਹ ਕੇਵਲ ਗੁਜਰਾਤ ਦੇ ਉਜਾ ਟਾਊਨ ਵਿਚ ਇਕੱਲੇ ਹੀ ਬਤੌਰ ਰਿਟਾਇਰਡ ਸਕੂਲ ਅਧਿਆਪਕ ਦੇ ਜੀਵਨ ਬਤੀਤ ਕਰ ਰਹੇ ਹਨ । ਸਾਨੂੰ ਇਹ ਜਾਣਕਾਰੀ ਨਹੀ ਕਿ ਬੀਬੀ ਮੋਦੀ ਨੂੰ ਗੁਜਰਾਤ ਸੂਬੇ ਵੱਲੋ ਕੋਈ ਸੁਰੱਖਿਆ, ਸਰਕਾਰੀ ਵਹੀਕਲ ਆਦਿ ਦੀਆਂ ਸਹੂਲਤਾਂ ਪ੍ਰਦਾਨ ਹਨ ਜਾਂ ਨਹੀ । ਉਹ ਆਪਣੀ ਰਿਟਾਇਰਮੈਂਟ ਪੈਨਸਨ ਦੇ ਬਿਨ੍ਹਾਂ ਤੇ ਠੀਕ ਜਿੰਦਗੀ ਗੁਜਾਰ ਰਹੇ ਹਨ ਜਾਂ ਨਹੀ । ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਇਸ ਮੁੱਦੇ ਉਤੇ ਸੰਜ਼ੀਦਾ ਹੈ ਕਿ ਉਨ੍ਹਾਂ ਦੀ ਜਿੰਦਗੀ ਅਤੇ ਸਹੂਲਤਾਂ ਪ੍ਰਾਪਤ ਹੋਣੀਆ ਚਾਹੀਦੀਆ ਹਨ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਮੋਦੀ ਹਕੂਮਤ ਅਤੇ ਉਸਦੇ ਵਜੀਰਾਂ ਵੱਲੋ ਜੋ ਔਰਤ ਵਰਗ ਦੇ ਸੰਬੰਧ ਵਿਚ ਵਿਰੋਧੀਆਂ ਉਤੇ ਗੈਰ ਦਲੀਲ ਢੰਗ ਨਾਲ ਹਮਲੇ ਕੀਤੇ ਜਾ ਰਹੇ ਹਨ, ਉਸਨੂੰ ਮੁੱਖ ਰੱਖਦੇ ਹੋਏ ਸ੍ਰੀ ਮੋਦੀ ਦੇ ਹੁਣ ਤੱਕ ਦੇ ਅਮਲਾਂ ਅਤੇ ਉਨ੍ਹਾਂ ਦੇ ਗ੍ਰਹਿਸਤੀ ਜੀਵਨ ਵਿਚ ਔਰਤ ਵਰਗ (ਉਨ੍ਹਾਂ ਦੀ ਧਰਮ ਪਤਨੀ) ਨੂੰ ਮਿਲਣ ਵਾਲੇ ਸਹੀ ਸਤਿਕਾਰ ਅਤੇ ਸਹੂਲਤਾਂ ਉਤੇ ਗਹਿਰੀ ਚਿੰਤਾ ਜਾਹਰ ਕਰਦੇ ਹੋਏ ਅਤੇ ਔਰਤ ਵਰਗ ਦੇ ਸਨਮਾਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ ।ਉਨ੍ਹਾਂ ਕਿਹਾ ਜਦੋਕਿ ਉਨ੍ਹਾਂ ਤੋ ਪਹਿਲੇ ਇੰਡੀਆ ਦੇ ਰਹਿ ਚੁੱਕੇ ਵਜੀਰ ਏ ਆਜਮ ਡਾ. ਮਨਮੋਹਨ ਸਿੰਘ ਆਪਣੇ 7 ਰੇਸ ਕੋਰਸ ਰੋਡ, ਨਵੀ ਦਿੱਲੀ ਦੀ ਰਿਹਾਇਸ ਵਿਖੇ ਆਪਣੇ ਨਾਲ ਆਪਣੀ ਸਤਿਕਾਰਯੋਗ ਪਤਨੀ ਨੂੰ ਨਾਲ ਰੱਖਦੇ ਵੀ ਰਹੇ ਹਨ ਅਤੇ ਜਦੋ ਵਿਦੇਸ਼ੀ ਦੌਰਿਆ ਉਤੇ ਜਾਂਦੇ ਸਨ, ਤਾਂ ਉਨ੍ਹਾਂ ਦੇ ਸਪਤਨੀ ਹਮੇਸ਼ਾਂ ਉਨ੍ਹਾਂ ਦੇ ਨਾਲ ਜਾਂਦੇ ਸਨ ।ਇਹ ਇਕ ਅਮੀਰ ਸਿੱਖ ਸੱਭਿਅਤਾ ਦੀ ਗੱਲ ਵੀ ਹੈ, ਜਿਸ ਨੂੰ ਗੁਰੂ ਸਾਹਿਬਾਨ ਨੇ 'ਗ੍ਰਹਿਸਤੀ' ਦਾ ਦਰਜਾ ਦੇ ਕੇ ਔਰਤ ਵਰਗ ਨੂੰ ਬਣਦਾ ਸਨਮਾਨ ਦਿੱਤਾ ਹੈ ।ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਸਾਨੂੰ ਕਾਮ, ਕ੍ਰੋਧ, ਲੋਭ, ਮੋਹ, ਹੰਕਾਰ ਆਦਿ ਦੁਨਿਆਵੀ ਔਗੁਣਾਂ ਉਤੇ ਕਾਬੂ ਰੱਖਣ ਦੀ ਹਦਾਇਤ ਕਰਦੇ ਹਨ ।ਇਹ ਉਨ੍ਹਾਂ ਲੋਕਾਂ ਲਈ ਵੀ ਸਹੀ ਜੁਆਬ ਹੈ ਜੋ ਸ੍ਰੀ ਮੋਦੀ ਦੇ ਹੱਥਠੋਕੇ ਬਣਕੇ ਜਿਵੇ ਸੈਂਟਰ ਦੇ ਸਟੇਟ ਮਨਿਸਟਰ ਡਾ. ਜਤਿੰਦਰਾ ਸਿੰਘ ਅਤੇ ਕੈਬਨਿਟ ਵਜੀਰ ਸ੍ਰੀ ਮਨੋਹਰ ਲਾਲ ਖੱਟਰ ਵੱਲੋਂ ਕ੍ਰਮਵਾਰ ਸਿਮਲਾ ਤੇ ਜਲੰਧਰ ਵਿਖੇ ਜਨਤਕ ਬਿਆਨਬਾਜੀ ਕਰਦੇ ਹੋਏ ਲੋਕਾਂ ਦੇ ਚੁਣੇ ਹੋਏ ਪ੍ਰਤੀਨਿਧਾ ਵਿਧਾਨਕਾਰਾਂ ਜਾਂ ਐਮ.ਪੀਜ ਨੂੰ ਔਰਤਾਂ ਦੀਆਂ ਸੀਟਾਂ ਵਧਾਉਣ ਦੇ ਬਿੱਲ ਉਤੇ ਵੋਟ ਨਾ ਪਾਉਣ ਉਤੇ ਗੈਰ ਦਲੀਲ ਢੰਗ ਨਾਲ ਜਨਤਕ ਤੌਰ ਤੇ ਵਿਚਾਰ ਦਿੱਤੇ ਜਾ ਰਹੇ ਹਨ । ਉਨ੍ਹਾਂ ਸਪੱਸਟ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਸਿੱਖ ਕੌਮ ਔਰਤ ਵਰਗ ਦਾ ਪੂਰਨ ਸਤਿਕਾਰ ਕਰਦੇ ਹਨ ਅਤੇ ਉਨ੍ਹਾਂ ਦੇ ਹੱਕ-ਹਕੂਕਾ ਦੀ ਰੱਖਿਆ ਲਈ ਸੰਜ਼ੀਦਾ ਹੈ ।ਪਰ ਮੋਦੀ ਹਕੂਮਤ ਔਰਤ ਵਰਗ ਦੇ ਨਾਮ ਦੀ ਦੁਰਵਰਤੋ ਕਰਕੇ ਕੇਵਲ ਤੇ ਕੇਵਲ ਪਾਰਲੀਮੈਂਟ ਵਿਚ ਆਪਣੀ ਸਿਆਸੀ ਬਹੁਗਿਣਤੀ (ਅਜਾਰੇਦਾਰੀ) ਨੂੰ ਕਾਇਮ ਕਰਨ ਲਈ ਕਰ ਰਹੇ ਹਨ ਜਦੋਕਿ ਅਸਲੀਅਤ ਵਿਚ ਔਰਤ ਵਰਗ ਦੇ ਹੱਕ ਹਕੂਕਾ ਨੂੰ ਅੱਜ ਵੀ ਕੁੱਚਲਿਆ ਜਾਂਦਾ ਆ ਰਿਹਾ ਹੈ ।ਇਹ ਗੱਲ ਉਦੋ ਸਾਬਤ ਹੋ ਜਾਂਦੀ ਹੈ ਜਦੋ ਕੇਰਲਾ ਦੇ ਸਭ ਤੋ ਵੱਡੇ ਮੰਦਰ ਸਬਰੀਮਾਲਾ ਵਿਖੇ ਔਰਤਾਂ ਨੂੰ ਦਾਖਲ ਹੋਣ ਤੋ ਇਹ ਸਿਆਸਤਦਾਨ ਜ਼ਬਰੀ ਰੋਕ ਰਹੇ ਹਨ ।ਜਦੋਕਿ ਸੁਪਰੀਮ ਕੋਰਟ ਨੇ ਔਰਤਾਂ ਦੇ ਦਾਖਲੇ ਨੂੰ ਸਹੀ ਕਰਾਰ ਦਿੱਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਕੌਮੀਂ ਮਲੇਰੀਆ ਦਿਵਸ 25 ਅਪ੍ਰੈਲ ਨੂੰ ਮਨਾਇਆ ਜਾਵੇਗਾ: ਡਾ. ਮਨਪ੍ਰੀਤ ਕੌਰ

ਹੁਸ਼ਿਆਰਪੁਰ , 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਮੁੱਢਲਾ ਸਿਹਤ ਕੇਂਦਰ ਚੱਕੋਵਾਲ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਕੌਰ ਵਲੋਂ ਸਮੂਹ ਫੀਲਡ ਸਟਾਫ ਦੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਖਾਸ ਤੌਰ ਤੇ ਮਿਤੀ 25 ਅਪ੍ਰੈਲ ਨੂੰ ਕੌਮੀਂ ਮਲੇਰੀਆ ਦਿਵਸ ਵਜੋਂ ਮਨਾਉਣ ਸਬੰਧੀ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ। ਉਹਨਾਂ ਵਲੋਂ ਹਾਜਰ ਸਟਾਫ ਨੂੰ ਮਲੇਰੀਆ ਦਿਵਸ ਮੌਕੇ ਆਪਣੇ ਆਪਣੇ ਏਰੀਏ ਵਿੱਚ ਮਲੇਰੀਆ ਰੋਗ ਸਬੰਧੀ ਲੋਕਾਂ ਨੂੰ ਜਾਗਰੀਕ ਕਰਨ ਅਤੇ ਇਸਤੋਂ ਬਚਾਅ ਸਬੰਧੀ ਜਾਣਕਾਰੀ ਪ੍ਰਦਾਨ ਕਰਨ ਸਬੰਧੀ ਕਿਹਾ ਗਿਆ। ਉਹਨਾਂ ਕਿਹਾ ਕਿ ਸਲਮ ਅਬਾਦੀ ਵਿੱਚ ਹਰੇਕ ਮੰਗਲਵਾਰ ਨੂੰ ਸਪੈਸ਼ਲ ਫੀਵਰ ਸਰਵੇ ਕਰਨ ਦੌਰਾਨ ਆਰ ਡੀ ਟੀ ਕਿੱਟ ਵਰਤਣ ਸਬੰਧੀ ਵੀ ਕਿਹਾ ਗਿਆ।ਇਸ ਮੌਕੇ ਹੈਲਥ ਇੰਸਪੈਕਟਰ ਗੁਰਦੇਵ ਸਿੰਘ ਨੇ ਦੱਸਿਆ ਕਿ ਡੇਂਗੂ ਅਤੇ ਮਲੇਰੀਆ ਦੇ ਮੌਸਮ ਨੂੰ ਦੇਖਦਿਆਂ ਫੀਲਡ ਵਿੱਚ ਲਗਾਤਾਰ ਪਿੰਡ ਵਾਸੀਆਂ ਨਾਲ ਸੰਪਰਕ ਕਰਕੇ ਇਹਨਾਂ ਬਿਮਾਰੀਆਂ ਦੇ ਲੱਛਣ, ਇਲਾਜ ਅਤੇ ਰੋਕਥਾਮ ਸਬੰਧੀ ਜਾਗਰੂਕ ਕਰਨ ਨੂੰ ਪਹਿਲ ਦਿੱਤੀ ਜਾਵੇ। ਉਹਨਾਂ ਆਖਿਆ ਕਿ ਉੱਚ ਅਧਿਕਾਰੀਆਂ ਦੇ ਹੁਕਮਾਂ ਅਨੁਸਾਰ ਰੋਜ਼ਾਨਾ ਰਿਪੋਰਟ ਨੂੰ ਗੂਗਲ ਸ਼ੀਟ ਤੇ ਭਰਿਆ ਜਾਵੇ। ਇਸ ਮੌਕੇ ਹੈਲਥ ਇੰਸਪੈਕਟਰ ਨਰਿੰਦਰ ਸਿੰਘ, ਬਲਜੀਤ ਸਿੰਘ, ਅਮਰਜੀਤਾ ਕੁਮਾਰ ਅਤੇ ਸਮੂਹ ਮਲਟੀਪਰਪਜ਼ ਹੈਲਥ ਵਰਕਰ ਵੀ ਹਾਜਰ ਸਨ।

## ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲ ਬੱਸਾਂ ਦੀ ਜਾਂਚ, 12 ਸਕੂਲ ਬੱਸਾਂ ਦੇ ਕੱਟੇ ਗਏ ਚਾਲਾਨ

ਹੁਸ਼ਿਆਰਪੁਰ , 21 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਸਕੂਲੀ ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਦੇ ਉਦੇਸ਼ ਨਾਲ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਸਕੂਲ ਬੱਸਾਂ ਦੀ ਵਿਸ਼ੇਸ਼ ਜਾਂਚ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੇ ਤਹਿਤ 16 ਅਪ੍ਰੈਲ ਨੂੰ ਬਲਾਕ ਟਾਂਡਾ ਅਤੇ 20 ਅਪ੍ਰੈਲ ਨੂੰ ਬਲਾਕ ਹਾਜੀਪੁਰ ਵਿੱਚ ਵੱਖ-ਵੱਖ ਸਕੂਲਾਂ ਦੀਆਂ ਬੱਸਾਂ ਦੀ ਜਾਂਚ ਕੀਤੀ ਗਈ। ਇਹ ਜਾਂਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਵੱਲੋਂ ਜਾਰੀ ਹੁਕਮਾਂ ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਆਦੇਸ਼ਾਂ ਅਨੁਸਾਰ ਕੀਤੀ ਗਈ। ਇਸ ਦੌਰਾਨ ਡੀਏਵੀ ਸਕੂਲ ਉੜਮੁੜ ਟਾਂਡਾ, ਵਿਕਟੋਰੀਆ ਇੰਟਰਨੈਸ਼ਨਲ ਸਕੂਲ ਟਾਂਡਾ, ਪਰਲ ਇੰਟਰਨੈਸ਼ਨਲ ਸਕੂਲ ਹਾਜੀਪੁਰ ਅਤੇ ਕੋਹਿਨੂਰ ਇੰਟਰਨੈਸ਼ਨਲ ਸਕੂਲ ਹਾਜੀਪੁਰ ਦੀਆਂ ਸਕੂਲ ਬੱਸਾਂ ਦਾ ਨਿਰੀਖਣ ਕੀਤਾ ਗਿਆ। ਜਾਂਚ ਦੌਰਾਨ ਕਈ ਬੱਸਾਂ ਵਿੱਚ ਗੰਭੀਰ ਖਾਮੀਆਂ ਪਾਈਆਂ ਗਈਆਂ, ਜਿਵੇਂ ਕਿ ਮਿਆਦ ਪੂਰੀ ਕਰ ਚੁੱਕੀ ਫਸਟ ਐਡ ਕਿੱਟ, ਲੇਡੀ ਅਟੈਂਡੈਂਟ ਦੀ ਗੈਰ-ਹਾਜ਼ਰੀ, ਬਿਨਾਂ ਪਾਸਿੰਗ ਦੇ ਵਾਹਨ, ਸਪੀਡ ਗਵਰਨਰ ਦਾ ਨਾ ਹੋਣਾ, ਐਮਰਜੈਂਸੀ ਐਗਜ਼ਿਟ ਦੀ ਕਮੀ, ਅੱਗ ਬੁਝਾਉਣ ਵਾਲੇ ਯੰਤਰ ਦੀ ਗੈਰ-ਹਾਜ਼ਰੀ, ਸੀਸੀਟੀਵੀ ਕੈਮਰਿਆਂ ਦੀ ਕਮੀ, ਬੈਠਣ ਦੀ ਸਮਰੱਥਾ ਤੋਂ ਵੱਧ ਬੱਚਿਆਂ ਨੂੰ ਬਿਠਾਉਣਾ ਅਤੇ ਬੀਮੇ ਦੀ ਕਮੀ ਵਰਗੀਆਂ ਅਣਨਿਯਮਿਤਤਾਵਾਂ ਸ਼ਾਮਲ ਸਨ। ਬਲਾਕ ਟਾਂਡਾ ਵਿੱਚ ਕੁੱਲ 31 ਸਕੂਲ ਬੱਸਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚ ਨਿਯਮਾਂ ਦੀ ਉਲੰਘਣਾ ਕਰਨ 'ਤੇ 9 ਬੱਸਾਂ ਦੇ ਚਾਲਾਨ ਕੱਟੇ ਗਏ। ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਰੰਜੀਤ ਕੌਰ (ਸੋਸ਼ਲ ਵਰਕਰ), ਜਸਵਿੰਦਰ ਸਿੰਘ (ਕੇਸ ਵਰਕਰ), ਸਿੱਖਿਆ ਵਿਭਾਗ ਤੋਂ ਸੰਦੀਪ ਸਿੰਘ ਅਤੇ ਪੁਲਿਸ ਵਿਭਾਗ ਤੋਂ ਕੁਲਵੰਤ ਸਿੰਘ ਏਐਸਆਈ ਅਤੇ ਦਰਸ਼ਨ ਸਿੰਘ ਏਐਸਆਈ ਮੌਜੂਦ ਰਹੇ। ਇਸੇ ਤਰ੍ਹਾਂ ਬਲਾਕ ਹਾਜੀਪੁਰ ਵਿੱਚ ਕੁੱਲ 18 ਸਕੂਲ ਬੱਸਾਂ ਦੀ ਜਾਂਚ ਕੀਤੀ ਗਈ ਅਤੇ 3 ਬੱਸਾਂ ਦੇ ਚਾਲਾਨ ਕੱਟੇ ਗਏ। ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਤੋਂ ਰੰਜੀਤ ਕੌਰ, ਜਸਵਿੰਦਰ ਸਿੰਘ, ਪੁਲਿਸ ਵਿਭਾਗ ਤੋਂ ਅਨੂ ਬਡਿਆਲ ਲੇਡੀ ਕਾਂਸਟੇਬਲ, ਸਿੱਖਿਆ ਵਿਭਾਗ ਤੋਂ ਜਗਦੀਸ਼ ਸਿੰਘ ਹੈੱਡਮਾਸਟਰ ਅਤੇ ਰੀਜਨਲ ਟ੍ਰਾਂਸਪੋਰਟ ਅਥਾਰਟੀ ਤੋਂ ਅਭਿਨੇਸ਼ ਕੁਮਾਰ ਸਮੇਤ ਪੂਰੀ ਟੀਮ ਹਾਜ਼ਰ ਰਹੀ। ਜਾਂਚ ਟੀਮ ਵੱਲੋਂ ਵੱਖ-ਵੱਖ ਸਕੂਲਾਂ ਵਿੱਚ ਸੇਫ ਸਕੂਲ ਵਾਹਨ ਪਾਲਿਸੀ ਬਾਰੇ ਜਾਗਰੂਕਤਾ ਵੀ ਫੈਲਾਈ ਗਈ। ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀ ਨੇ ਦੱਸਿਆ ਕਿ ਇਸ ਪਾਲਿਸੀ ਦੇ ਨਿਯਮਾਂ ਦੀ ਅਣਦੇਖੀ ਕਰਨ ਵਾਲੀਆਂ ਬੱਸਾਂ ਵਿੱਚ ਹਾਦਸਿਆਂ ਦੀ ਸੰਭਾਵਨਾ ਵੱਧ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਪੂਰੇ ਜ਼ਿਲ੍ਹੇ ਵਿੱਚ ਲਗਾਤਾਰ ਜਾਰੀ ਰਹੇਗੀ। ਟਾਸਕ ਫੋਰਸ ਨੇ ਸਾਰੇ ਸਕੂਲ ਪ੍ਰਬੰਧਕਾਂ ਨੂੰ ਹੁਕਮ ਦਿੱਤੇ ਕਿ ਬੱਸ ਚਾਲਕਾਂ ਦਾ ਸਮੇਂ-ਸਮੇਂ ਤੇ ਮੈਡੀਕਲ ਚੈੱਕਅਪ ਕਰਵਾਇਆ ਜਾਵੇ, ਡਰਾਈਵਰ ਅਤੇ ਅਟੈਂਡੈਂਟ ਵਰਦੀ ਵਿੱਚ ਹੋਣ, ਅਤੇ ਛੋਟੇ ਬੱਚਿਆਂ ਨੂੰ ਬੱਸ ਵਿੱਚ ਚੜ੍ਹਾਉਣ-ਉਤਾਰਣ ਸਮੇਂ ਖਾਸ ਸੁਰੱਖਿਆ ਯਕੀਨੀ ਬਣਾਈ ਜਾਵੇ। ਨਾਲ ਹੀ ਜਿਨ੍ਹਾਂ ਬੱਸਾਂ ਵਿੱਚ ਖਾਮੀਆਂ ਪਾਈਆਂ ਗਈਆਂ ਹਨ, ਉਹਨਾਂ ਨੂੰ ਤੁਰੰਤ ਦੂਰ ਕਰਨ ਦੇ ਹੁਕਮ ਵੀ ਦਿੱਤੇ ਗਏ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243